ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

# Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਬੁੱਧਵਾਰ, 2 ਅਕਤੂਬਰ 2024 (ਨਾਨਕਸ਼ਾਹੀ ਸੰਮਤ : ੫੫੬, ੧੭ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਅਦਾਕਾਰ ਗੋਵਿੰਦਾ ਨੂੰ ਲੱਗੀ ਗੋਲੀ, ਆਪਣੀ ਹੀ ਬੰਦੂਕ ਤੋਂ ਹੋਏ ਜ਼ਖ਼ਮੀ

**ਮੁੰਬਈ, 1 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਅਦਾਕਾਰ ਗੋਵਿੰਦਾ ਨੂੰ ਆਪਣੀ ਹੀ ਬੰਦੂਕ ਨਾਲ ਲੱਤ ਵਿੱਚ ਗੋਲੀ ਲੱਗ ਗਈ ਹੈ। ਇਹ ਘਟਨਾ ਸਵੇਰੇ ਪੌਣੇ ਪੰਜ ਵਜੇ ਵਾਪਰੀ। ਉਹ ਸਵੇਰੇ ਕਿਤੇ ਜਾਣ ਲਈ ਨਿਕਲ ਰਹੇ ਸਨ। ਉਸੇ ਸਮੇਂ ਗਲਤੀ ਨਾਲ ਮਿਸ ਫਾਇਰ ਹੋ ਗਿਆ। ਹੁਣ ਅਦਾਕਾਰ ਹਸਪਤਾਲ ਵਿੱਚ ਦਾਖਲ ਹੈ। ਪੁਲਿਸ ਮੁਤਾਬਕ ਗੋਲੀ ਚੱਲਣ ਤੋਂ ਬਾਅਦ ਪੁਲਿਸ ਮੌਕੇ 'ਤੇ ਪਹੁੰਚ ਗਈ ਸੀ ਅਤੇ ਗੋਵਿੰਦਾ ਦੀ ਬੰਦੂਕ ਨੂੰ ਆਪਣੇ ਕਬਜ਼ੇ 'ਚ ਲੈ ਲਿਆ ਹੈ। ਜਿਸ ਤੋਂ ਬਾਅਦ ਪੁਲਿਸ ਮਾਮਲੇ ਦੀ ਜਾਂਚ 'ਚ ਜੁਟੀ ਹੈ। ਗੋਲੀ ਲੱਗਣ ਤੋਂ ਬਾਅਦ ਗੋਵਿੰਦਾ ਦੀ ਲੱਤ 'ਚੋਂ ਬਹੁਤ ਖ਼ੂਨ ਵਹਿ ਗਿਆ ਹੈ। ਜਿਸ ਕਾਰਨ ਉਨ੍ਹਾਂ ਦੀ ਹਾਲਤ ਕਾਫੀ ਵਿਗੜ ਗਈ ਹੈ। ਫਿਲਹਾਲ ਗੋਵਿੰਦਾ ਅੰਧੇਰੀ ਦੇ ਕ੍ਰਿਟੀ ਕੇਅਰ ਹਸਪਤਾਲ 'ਚ ਭਰਤੀ ਹਨ। ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਗੋਵਿੰਦਾ ਦੇ ਮੈਨੇਜਰ ਸ਼ਸ਼ੀ ਸਿਨਹਾ ਨੇ 'ਏਬੀਪੀ ਲਾਈਵ' ਨੂੰ ਦੱਸਿਆ ਕਿ ਅਦਾਕਾਰ ਦੀ ਹਾਲਤ ਹੁਣ ਖਤਰੇ ਤੋਂ ਬਾਹਰ ਹੈ। ਉਹ ਕੋਲਕਾਤਾ ਜਾਣ ਦੀ ਤਿਆਰੀ ਕਰ ਰਹੇ ਸੀ।



## ਸਾਬਕਾ ਵਿਧਾਇਕ ਕੁਲਬੀਰ ਜ਼ੀਰਾ ਜ਼ਖਮੀ

# ਜ਼ੀਰਾ 'ਚ ਨਾਮਜ਼ਦਗੀਆਂ ਭਰਨ ਵੇਲੇ ਝੜਪ, ਚੱਲੀਆਂ ਗੋਲੀਆਂ



**ਫਿਰੋਜ਼ਪੁਰ, 1 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਫ਼ਿਰੋਜ਼ਪੁਰ ਦੇ ਜ਼ੀਰਾ ਕਸਬੇ ਵਿੱਚ ਪੰਚਾਇਤੀ ਚੋਣਾਂ ਲਈ ਨਾਮਜ਼ਦਗੀਆਂ ਭਰਨ ਨੂੰ ਲੈ ਕੇ 'ਆਪ' ਅਤੇ ਕਾਂਗਰਸ ਦੇ ਆਗੂਆਂ ਤੇ ਵਰਕਰਾਂ ਵਿਚਾਲੇ ਝੜਪ ਹੋ ਗਈ। ਮਾਮਲਾ ਇੰਨਾ ਵੱਧ ਗਿਆ ਕਿ ਦੋਵਾਂ ਪਾਸਿਆਂ ਤੋਂ ਇਕ ਦੂਜੇ 'ਤੇ ਇੱਟਾਂ-ਪੱਥਰ ਵਰ੍ਹਾਏ ਗਏ ਤੇ ਇਸ ਮੌਕੇ ਗੋਲ਼ੀਆਂ ਵੀ ਚਲਾਈਆਂ ਗਈਆਂ। ਇਸ ਘਟਨਾ ਵਿੱਚ ਜ਼ੀਰਾ ਤੋਂ ਸਾਬਕਾ ਕਾਂਗਰਸੀ ਵਿਧਾਇਕ ਤੇ ਜ਼ਿਲ੍ਹਾ ਕਾਂਗਰਸ ਪ੍ਰਧਾਨ ਕੁਲਬੀਰ ਸਿੰਘ ਜ਼ੀਰਾ ਗੰਭੀਰ ਜ਼ਖ਼ਮੀ ਹੋ ਗਏ ਜਿਨ੍ਹਾਂ ਦੀ ਜ਼ਖ਼ਮੀ ਹੋਇਆ ਦੀ ਤਸਵੀਰ ਵੀ ਸਾਹਮਣੇ ਆਈ ਹੈ ਜਿਸ ਵਿੱਚ ਜ਼ੀਰਾ ਦੇ ਮੂੰਹ ਦਾ ਇੱਕ ਹਿੱਸਾ ਖ਼ੂਨ ਨਾਲ ਭਰਿਆ ਹੋਇਆ ਸੀ। ਭੀੜ ਇੰਨੀ ਬੇਕਾਬੂ ਹੋ ਗਈ ਕਿ ਪੁਲਿਸ ਨੂੰ ਹਵਾ ਵਿੱਚ ਗੋਲੀਆਂ ਚਲਾਉਣੀਆਂ ਪਈਆਂ। ਜਾਣਕਾਰੀ ਮੁਤਾਬਕ ਮਾਮਲਾ ਇੰਨਾ ਵੱਧ ਗਿਆ ਸੀ ਕਿ ਦੋਵਾਂ ਧਿਰਾਂ ਨੇ ਇੱਕ-ਦੂਜੇ 'ਤੇ ਗੋਲੀਆਂ ਚਲਾ ਦਿੱਤੀਆਂ। ਮੌਕੇ 'ਤੇ ਭਾਰੀ ਫੋਰਸ ਤਾਇਨਾਤ ਸੀ। ਫ਼ਿਰੋਜ਼ਪੁਰ ਪੁਲਿਸ ਦੇ ਸੀਨੀਅਰ ਅਧਿਕਾਰੀ ਮੌਕੇ 'ਤੇ ਮੌਜੂਦ ਸਨ। ਪੁਲਿਸ ਸਥਿਤੀ ਨੂੰ ਕਾਬੂ ਕਰਨ ਦੀ ਪੂਰੀ ਕੋਸ਼ਿਸ਼ ਕਰ ਰਹੀ ਸੀ ਪਰ ਭੀੜ ਬੇਕਾਬੂ ਹੋ ਗਈ ਜਿਸ ਤੋਂ ਬਾਅਦ ਪੁਲਿਸ ਨੇ ਹਵਾਈ ਫਾਇਰਿੰਗ ਕੀਤੀ। ਇਸ ਮੌਕੇ ਕੁਲਬੀਰ ਜ਼ੀਰਾ ਨੇ ਦੋਸ਼ ਲਾਇਆ ਕਿ ਹਲਕੇ ਦੇ ਵਿਧਾਇਕ ਤੇ ਉਨ੍ਹਾਂ ਦੇ ਸਮਰਥਕ ਸੱਤਾ ਦੇ ਪ੍ਰਭਾਵ ਹੇਠ ਖੁੱਲ੍ਹੇਆਮ ਗੁੰਡਾਗਰਦੀ ਕਰ ਰਹੇ ਹਨ। ਸਥਿਤੀ ਇਹ ਹੈ ਕਿ ਕਾਂਗਰਸੀ ਉਮੀਦਵਾਰਾਂ ਨੂੰ ਸਰਪੰਚ ਅਤੇ ਪੰਚ ਦੀ ਐਨਓਸੀ ਅਤੇ ਹੋਰ ਦਸਤਾਵੇਜ਼ ਮੁਹੱਈਆ ਨਹੀਂ ਕਰਵਾਏ ਜਾ ਰਹੇ ਹਨ।

## ਟਾਈਟਲਰ ਵਲੋਂ ਹੇਠਲੀ ਅਦਾਲਤ ਵਲੋਂ ਲਗਾਏ ਗਏ ਦੋਸ਼ਾਂ ਨੂੰ ਹਾਈ ਕੋਰਟ 'ਚ ਚੁਣੌਤੀ, 29 ਨਵੰਬਰ ਨੂੰ ਹੋਵੇਗੀ ਸੁਣਵਾਈ



**ਨਵੀਂ ਦਿੱਲੀ 1 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**- ਦਿੱਲੀ ਹਾਈ ਕੋਰਟ ਅੰਦਰ ਜਗਦੀਸ਼ ਟਾਈਟਲਰ ਵਲ ਪਟੀਸ਼ਨ ਦਾਖਿਲ ਕਰ ਹੇਠਲੀ ਅਦਾਲਤ ਦੇ ਫੈਸਲੇ ਨੂੰ ਚੁਣੌਤੀ ਦਿੱਤੀ ਗਈ ਹੈ 'ਤੇ ਉਸ ਦੀ ਪਟੀਸ਼ਨ ਦੀ ਸੁਣਵਾਈ ਹਾਈ ਕੋਰਟ 29 ਨਵੰਬਰ ਨੂੰ ਕਰੇਗਾ। ਪਟੀਸ਼ਨ 'ਚ ਕਾਂਗਰਸ ਆਗੂ ਨੇ 1984 ਸਿੱਖ ਕਤਲੇਆਮ ਦੌਰਾਨ ਉੱਤਰੀ ਦਿੱਲੀ ਦੇ ਪੁਲ ਬੰਗਸ਼ ਇਲਾਕੇ 'ਚ ਤਿੰਨ ਲੋਕਾਂ ਦੇ ਕਤਲ ਨਾਲ ਸੰਬੰਧਤ ਇਕ ਮਾਮਲੇ 'ਚ ਉਨ੍ਹਾਂ ਖ਼ਿਲਾਫ਼ ਕਤਲ ਅਤੇ ਹੋਰ ਅਪਰਾਧਾਂ ਲਈ ਦੋਸ਼ ਤੈਅ ਕੀਤੇ ਜਾਣ ਨੂੰ ਚੁਣੌਤੀ ਦਿੱਤੀ ਹੈ। ਜਸਟਿਸ ਮਨੋਜ ਕੁਮਾਰ ਓਹਰੀ ਨੇ ਮਾਮਲੇ ਦੀ ਸੰਖੇਪ ਸੁਣਵਾਈ ਤੋਂ ਬਾਅਦ ਟਾਈਟਲਰ ਦੇ ਵਕੀਲ ਨੂੰ ਕੁਝ ਗਵਾਹਾਂ ਦੇ ਬਿਆਨ ਦਰਜ ਕਰਨ ਲਈ ਕਿਹਾ ਜੋ ਅਦਾਲਤ ਅੰਦਰ ਰਿਕਾਰਡ 'ਚ ਨਹੀਂ ਹਨ। ਟਾਈਟਲਰ ਨੇ ਆਪਣੀ ਪਟੀਸ਼ਨ 'ਚ ਦਾਅਵਾ ਕੀਤਾ ਹੈ ਕਿ ਉਹ 'ਬਦਲੇ ਦੀ ਰਾਜਨੀਤੀ' ਦਾ ਸ਼ਿਕਾਰ ਹੋਏ ਹਨ ਅਤੇ ਦਲੀਲ ਦਿੱਤੀ ਕਿ ਉਸ ਵਿਰੁੱਧ ਦੋਸ਼ ਤੈਅ ਕਰਨ ਵਾਲੀ ਅਧੀਨ ਅਦਾਲਤ ਦਾ ਹੁਕਮ 'ਗੈਰ-ਕਾਨੂੰਨੀ' ਸੀ। ਪਟੀਸ਼ਨ 'ਚ ਕਿਹਾ ਗਿਆ ਹੈ, "ਅਧੀਨ ਅਦਾਲਤ ਨੇ ਸਥਾਪਿਤ ਸਿਧਾਂਤਾਂ ਦੀ ਅਣਦੇਖੀ ਕਰਦੇ ਹੋਏ ਪਟੀਸ਼ਨਕਰਤਾ ਖ਼ਿਲਾਫ਼ ਗਲਤ ਤਰੀਕੇ ਨਾਲ ਦੋਸ਼ ਤੈਅ ਕੀਤੇ ਹਨ।" ਸੁਣਵਾਈ ਦੌਰਾਨ ਟਾਈਟਲਰ ਦੇ ਵਕੀਲ ਨੇ ਦਲੀਲ ਦਿੱਤੀ ਕਿ ਘਟਨਾ ਦੇ ਸਮੇਂ ਉਹ ਮੌਕੇ 'ਤੇ ਮੌਜੂਦ ਨਹੀਂ ਸਨ। ਕੇਂਦਰੀ ਜਾਂਚ ਬਿਊਰੋ (ਸੀ.ਬੀ.ਆਈ.) ਦੇ ਵਕੀਲ ਅਤੇ ਪੀੜਤਾਂ ਨੇ ਪਟੀਸ਼ਨ ਦਾ ਵਿਰੋਧ ਕੀਤਾ। ਉਨ੍ਹਾਂ ਕਿਹਾ ਕਿ ਪਟੀਸ਼ਨ 'ਤੇ ਪਹਿਲਾਂ ਹੀ ਫ਼ੈਸਲਾ ਹੋ ਚੁੱਕਿਆ ਹੈ ਅਤੇ ਹਾਈ ਕੋਰਟ ਨੇ ਇਸ ਨੂੰ ਖਾਰਜ ਕਰ ਦਿੱਤਾ ਸੀ। ਆਪਣੀ ਪਟੀਸ਼ਨ 'ਚ ਟਾਈਟਲਰ ਨੇ ਦਾਅਵਾ ਕੀਤਾ ਕਿ ਉਨ੍ਹਾਂ ਖ਼ਿਲਾਫ਼ ਲੱਗੇ ਦੋਸ਼ਾਂ ਦੀ ਪੁਸ਼ਟੀ ਕਰਨ ਲਈ ਕੋਈ ਭਰੋਸੇਯੋਗ ਸਬੂਤ ਨਹੀਂ ਹੈ ਅਤੇ ਅਧੀਨ ਅਦਾਲਤ ਦਾ ਆਦੇਸ਼ ਗਲਤ ਹੈ, ਇਸ ਨੂੰ ਰੱਦ ਕੀਤਾ ਜਾਣਾ ਚਾਹੀਦਾ। ਟਾਈਟਲਰ ਨੇ ਕਿਹਾ ਕਿ ਉਹ 80 ਸਾਲਾਂ ਦੇ ਹਨ ਅਤੇ ਦਿਲ ਰੋਗ ਤੇ ਸ਼ੂਗਰ ਸਮੇਤ ਕਈ ਬੀਮਾਰੀਆਂ ਨਾਲ ਪੀੜਤ ਹਨ। ਉਨ੍ਹਾਂ ਨੇ ਮਾਮਲੇ 'ਚ ਉਨ੍ਹਾਂ ਖ਼ਿਲਾਫ਼ ਦੋਸ਼ ਤੈਅ ਕਰਨ ਦੇ ਨਿਰਦੇਸ਼ ਦੇਣ ਵਾਲੇ ਅਧੀਨ ਅਦਾਲਤ ਦੇ 30 ਅਗਸਤ ਦੇ ਆਦੇਸ਼ ਨੂੰ ਰੱਦ ਕਰਨ ਦੀ ਅਪੀਲ ਕੀਤੀ ਹੈ। ਹੇਠਲੀ ਅਦਾਲਤ ਵਲੋਂ 13 ਸਤੰਬਰ ਨੂੰ ਰਸਮੀ ਰੂਪ ਨਾਲ ਟਾਈਟਲਰ ਖ਼ਿਲਾਫ਼ ਦੋਸ਼ ਤੈਅ ਕੀਤੇ ਗਏ ਸਨ। ਚਲ ਰਹੇ ਮਾਮਲੇ ਦੀ ਅਗਲੀ ਸੁਣਵਾਈ 29 ਨਵੰਬਰ ਨੂੰ ਹੋਵੇਗੀ।

## ਭਿਆਨਕ ਹਾਦਸੇ 4 ਦੋਸਤਾਂ ਦੀ ਇਕੱਠਿਆਂ ਮੌਤ, ਪਲਟੀਆਂ ਖਾਂਦੀ ਕਾਰ ਦੇ ਉੱਡੇ ਪਰਖੱਚੇ



**ਨੋਇਡਾ, 1 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਨੋਇਡਾ ਵਿੱਚ ਵਾਪਰੇ ਇੱਕ ਦਰਦਨਾਕ ਸੜਕ ਹਾਦਸੇ ਵਿੱਚ ਚਾਰ ਨੌਜਵਾਨਾਂ ਦੀ ਮੌਤ ਹੋ ਜਾਣ ਦੀ ਸੂਚਨਾ ਮਿਲੀ ਹੈ, ਜਦਕਿ ਉਨ੍ਹਾਂ ਦਾ ਇੱਕ ਦੋਸਤ ਗੰਭੀਰ ਰੂਪ ਵਿਚ ਜ਼ਖ਼ਮੀ ਹੋ ਗਿਆ। ਇਹ ਸਾਰੇ ਦੋਸਤ ਦਿੱਲੀ ਤੋਂ ਨੋਇਡਾ ਘੁੰਮਣ ਲਈ ਆਏ ਸਨ ਅਤੇ ਦੇਰ ਰਾਤ ਖਾਣਾ ਖਾਣ ਤੋਂ ਬਾਅਦ ਵਾਪਸ ਦਿੱਲੀ ਪਰਤ ਰਹੇ ਸਨ ਕਿ ਉਨ੍ਹਾਂ ਦੀ ਕਾਰ ਨੂੰ ਮਾਲ ਨਾਲ ਭਰੀ ਟਰੈਕਟਰ-ਟਰਾਲੀ ਨੇ ਟੱਕਰ ਮਾਰ ਦਿੱਤੀ। ਇਹ ਹਾਦਸਾ ਸੈਕਟਰ-24 ਥਾਣਾ ਖੇਤਰ ਦੀ 12-11 ਸਿੰਗਲ ਰੋਡ 'ਤੇ ਸ਼ਿਵਾਨੀ ਫਰਨੀਚਰ ਸ਼ੋਅਰੂਮ ਨੇੜੇ ਵਾਪਰਿਆ ਹੈ। ਹਾਦਸਾ ਰਾਤ ਕਰੀਬ 2 ਵਜੇ ਉਸ ਸਮੇਂ ਵਾਪਰਿਆ, ਜਦੋਂ ਨੌਜਵਾਨ ਦੀ ਆਲਟੋ ਕਾਰ ਨੂੰ ਗ਼ਲਤ ਦਿਸ਼ਾ ਤੋਂ ਆ ਰਹੇ ਤੇਜ਼ ਰਫ਼ਤਾਰ ਟਰੈਕਟਰ ਨੇ ਟੱਕਰ ਮਾਰ ਦਿੱਤੀ। ਟੱਕਰ ਇੰਨੀ ਜ਼ਬਰਦਸਤ ਸੀ ਕਿ ਕਾਰ ਪਲਟੀਆਂ ਮਾਰਦੀ ਹੋਈ ਪਲਟ ਗਈ। ਇਸ ਹਾਦਸੇ ਵਿਚ ਤਿੰਨ ਨੌਜਵਾਨਾਂ ਦੀ ਮੌਕੇ 'ਤੇ ਮੌਤ ਹੋ ਗਈ, ਜਦਕਿ ਚੌਥੇ ਨੌਜਵਾਨ ਦੀ ਹਸਪਤਾਲ 'ਚ ਇਲਾਜ ਦੌਰਾਨ ਮੌਤ ਹੋ ਗਈ। ਹਾਦਸੇ ਤੋਂ ਬਾਅਦ ਦੋਸ਼ੀ ਟਰੈਕਟਰ-ਟਰਾਲੀ ਚਾਲਕ ਫ਼ਰਾਰ ਹੋ ਗਿਆ। ਦੱਸ ਦੇਈਏ ਕਿ ਇਸ ਹਾਦਸੇ ਵਿੱਚ ਮਰਨ ਵਾਲੇ ਨੌਜਵਾਨਾਂ ਦੀ ਪਛਾਣ ਮੋਹਿਤ, ਵਿਸ਼ਾਲ, ਮਨੀਸ਼ ਅਤੇ ਹਿਮਾਂਸ਼ੂ ਸਾਰੇ ਵਾਸੀ ਨਿਊ ਕੋਂਡਾਲੀ ਪਾਕੇਟ ਏ-2 ਦਿੱਲੀ ਵਜੋਂ ਹੋਈ ਹੈ। ਉਨ੍ਹਾਂ ਦੇ ਪੰਜਵੇਂ ਦੋਸਤ ਉੱਤਮ ਨੂੰ ਮਾਮੂਲੀ ਸੱਟਾਂ ਲੱਗੀਆਂ ਹਨ। ਘਟਨਾ ਦੀ ਸੂਚਨਾ ਮਿਲਣ 'ਤੇ ਪਹੁੰਚੀ ਪੁਲਸ ਵਲੋਂ ਇਸ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਜ਼ਖ਼ਮੀ ਨੌਜਵਾਨ ਵਲੋਂ ਪੁਲਸ ਨੂੰ ਆਪਣੇ ਬਿਆਨ ਦਰਜ ਕਰਵਾਏ ਗਏ ਹਨ। ਉੱਤਮ ਅਨੁਸਾਰ ਟਰੈਕਟਰ ਗਲਤ ਦਿਸ਼ਾ ਤੋਂ ਆ ਰਿਹਾ ਸੀ, ਜਿਸ 'ਤੇ ਉੱਚੀ ਆਵਾਜ਼ ਵਿੱਚ ਸੰਗੀਤ ਚੱਲ ਰਿਹਾ ਸੀ। ਏ. ਡੀ. ਸੀ. ਪੀ. ਮਨੀਸ਼ ਮਿਸ਼ਰਾ ਨੇ ਹਾਦਸੇ ਦੀ ਪੁਸ਼ਟੀ ਕਰਦਿਆਂ ਕਿਹਾ ਕਿ ਲਾਸ਼ਾਂ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਗਿਆ ਹੈ ਅਤੇ ਦੋਸ਼ੀ ਟਰੈਕਟਰ ਚਾਲਕ ਦੀ ਭਾਲ ਜਾਰੀ ਹੈ। ਪੁਲਸ ਨੇ ਉੱਤਮ ਦੀ ਸ਼ਿਕਾਇਤ 'ਤੇ ਮਾਮਲਾ ਦਰਜ ਕਰ ਲਿਆ ਹੈ ਅਤੇ ਹਾਦਸੇ ਦੀ ਜਾਂਚ ਕੀਤੀ ਜਾ ਰਹੀ ਹੈ।

## 8 ਸਾਲਾ ਬੱਚੇ ਨੇ ਆਨਲਾਈਨ ਮੰਗਵਾਈ ਏ. ਕੇ.-47 ਰਾਈਫਲ

**ਨੀਦਰਲੈਂਡ, 1 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਹੁਣ ਤੱਕ ਤੁਸੀਂ ਖਾਣ-ਪੀਣ ਦੀਆਂ ਚੀਜ਼ਾਂ, ਯੰਤਰ ਜਾਂ ਹੋਰ ਘਰੇਲੂ ਚੀਜ਼ਾਂ ਦਾ ਆਨਲਾਈਨ ਆਰਡਰ ਕੀਤਾ ਹੋਵੇਗਾ ਪਰ ਇੱਕ 8 ਸਾਲ ਦੇ ਲੜਕੇ ਨੇ ਡਾਰਕ ਵੈੱਬ ਰਾਹੀਂ ਏ. ਕੇ.-47 ਦਾ ਆਨਲਾਈਨ ਆਰਡਰ ਕਰ ਦਿੱਤਾ। ਹੈਰਾਨੀ ਦੀ ਗੱਲ ਇਹ ਹੈ ਕਿ ਇਹ ਰਾਈਫਲ ਦੀ ਡਿਲਵਰੀ ਵੀ ਉਸ ਦੇ ਘਰ ਪਹੁੰਚ ਗਈ। ਇਹ ਹੈਰਾਨੀਜਨਕ ਕਹਾਣੀ ਲੜਕੇ ਦੀ ਮਾਂ ਨੇ ਖੁਦ ਬਿਆਨ ਕੀਤੀ ਹੈ। ਦਰਅਸਲ ਇਹ ਮਾਮਲਾ ਨੀਦਰਲੈਂਡ ਦਾ ਹੈ। ਔਰਤ ਨੇ ਦਾਅਵਾ ਕੀਤਾ ਕਿ ਉਸ ਦੇ 8 ਸਾਲ ਦੇ ਬੇਟੇ ਨੇ ਬਿਨਾਂ ਉਸ ਦੀ ਜਾਣਕਾਰੀ ਦੇ ਆਨਲਾਈਨ ਏਕੇ-47 ਖਰੀਦੀ ਸੀ। ਜਦੋਂ ਇਹ ਰਾਈਫਲ ਘਰ ਪਹੁੰਚੀ ਤਾਂ ਉਹ ਹੈਰਾਨ ਰਹਿ ਗਈ। ਜਦੋਂ ਉਸ ਨੇ ਤੁਰੰਤ ਜਾਣਕਾਰੀ ਇਕੱਠੀ ਕੀਤੀ ਤਾਂ ਉਸ ਨੂੰ ਪਤਾ ਲੱਗਾ ਕਿ ਇਸ ਦੇ ਪਿੱਛੇ ਇੰਟਰਨੈੱਟ ਦੀ ਡਾਰਕ ਦੁਨੀਆ, ਡਾਰਕ ਵੈੱਬ ਹੈ, ਜਿੱਥੇ ਅਜਿਹੀਆਂ ਗੈਰ-ਕਾਨੂੰਨੀ ਗਤੀਵਿਧੀਆਂ ਸ਼ਰੇਆਮ ਚਲਾਈਆਂ ਜਾਂਦੀਆਂ ਹਨ। ਡਾਰਕ ਵੈੱਬ ਇੰਟਰਨੈੱਟ ਦਾ ਉਹ ਹਿੱਸਾ ਹੈ ਜਿੱਥੇ ਗੂਗਲ, ਬਿੰਗ ਵਰਗੇ ਸਰਚ ਇੰਜਣਾਂ ਰਾਹੀਂ ਸਮੱਗਰੀ ਤੱਕ ਪਹੁੰਚ ਨਹੀਂ ਕੀਤੀ ਜਾ ਸਕਦੀ। ਇਸ ਲਈ ਇੱਕ ਵਿਸ਼ੇਸ਼ ਬ੍ਰਾਊਜ਼ਰ ਤੇ ਅਨੁਮਤੀਆਂ ਦੀ ਲੋੜ ਹੁੰਦੀ ਹੈ। ਡਾਰਕ ਵੈੱਬ 'ਤੇ ਮੌਜੂਦ ਸਮੱਗਰੀ ਕਿਸੇ ਕਾਨੂੰਨ ਦੇ ਦਾਇਰੇ 'ਚ ਨਹੀਂ ਆਉਂਦੀ। ਇਸ ਦੇ ਜ਼ਰੀਏ ਨਸ਼ੇ ਤੇ ਹਥਿਆਰਾਂ ਸਮੇਤ ਕਈ ਗੈਰ-ਕਾਨੂੰਨੀ ਕੰਮ ਕੀਤੇ ਜਾਂਦੇ ਹਨ। ਇਹ Onion Routing ਤਕਨਾਲੋਜੀ 'ਤੇ ਕੰਮ ਕਰਦਾ ਹੈ, ਜੋ ਉਪਭੋਗਤਾਵਾਂ ਨੂੰ ਟ੍ਰੈਕਿੰਗ ਤੇ ਨਿਗਰਾਨੀ ਤੋਂ ਬਚਾਉਂਦਾ ਹੈ। ਇੱਥੇ ਅਜਿਹੇ ਘੁਟਾਲੇਬਾਜ਼ ਵੀ ਹਨ, ਜੋ ਪਾਬੰਦੀਸ਼ੁਦਾ ਚੀਜ਼ਾਂ ਨੂੰ ਵੀ ਸਸਤੇ ਭਾਅ 'ਤੇ ਵੇਚਦੇ ਹਨ। ਇੱਥੇ ਲੋਕਾਂ ਨੂੰ ਸਸਤੀਆਂ ਵਸਤੂਆਂ ਖਰੀਦਣ ਦੀ ਕੋਸ਼ਿਸ਼ ਵਿੱਚ ਲੱਖਾਂ ਰੁਪਏ ਦਾ ਨੁਕਸਾਨ ਵੀ ਹੁੰਦਾ ਹੈ। ਔਰਤ ਦਾ ਬੇਟਾ ਅਜਿਹੇ ਘਪਲੇਬਾਜ਼ ਦੇ ਜਾਲ 'ਚ ਫਸ ਗਿਆ ਤੇ ਆਨਲਾਈਨ ਰਾਈਫਲ ਆਰਡਰ ਕਰ ਦਿੱਤੀ। ਯੂਰੋਨਿਊਜ਼ ਨਾਲ ਇੱਕ ਇੰਟਰਵਿਊ ਵਿੱਚ ਏਕੇ-47 ਖਰੀਦਣ ਵਾਲੇ ਲੜਕੇ ਦੀ ਮਾਂ ਬਾਰਬਰਾ ਜ਼ੇਮਨ ਨੇ ਕਿਹਾ ਕਿ ਕਿਵੇਂ ਉਹ ਛੋਟੀ ਉਮਰ ਵਿੱਚ ਸਾਈਬਰ ਅਪਰਾਧ ਦੇ ਚੁੰਗਲ ਵਿੱਚ ਫਸ ਗਿਆ। ਬਾਰਬਰਾ ਨੇ ਖੁਲਾਸਾ ਕੀਤਾ ਕਿ ਉਸ ਦੇ ਬੇਟੇ ਨੇ ਕੰਪਿਊਟਰ 'ਤੇ ਬਹੁਤ ਸਮਾਂ ਬਿਤਾਇਆ ਤੇ 8 ਸਾਲ ਦੀ ਉਮਰ ਤੋਂ ਹੈਕ ਕਰਨਾ ਸ਼ੁਰੂ ਕਰ ਦਿੱਤਾ। ਉਸ ਨੇ ਇੱਥੋਂ ਤੱਕ ਕਿਹਾ ਕਿ ਹੈਕਰਾਂ ਨੇ ਉਸ ਦੇ ਪੁੱਤਰ ਨੂੰ ਮਨੀ ਲਾਂਡਰਿੰਗ ਲਈ ਵੀ ਵਰਤਿਆ ਸੀ। ਬਾਰਬਰਾ ਮੁਤਾਬਕ ਜਦੋਂ ਵੀ ਅਸੀਂ ਆਪਣੇ ਬੇਟੇ ਦੇ ਕਮਰੇ 'ਚ ਜਾਂਦੇ ਸੀ ਤਾਂ ਉਹ ਆਨਲਾਈਨ ਗੇਮ ਖੇਡਦੇ ਹੋਏ ਕੋਡ ਵਰਡਸ 'ਚ ਗੱਲਾਂ ਕਰਦੇ ਰਹਿੰਦੇ ਸਨ। ਜਦੋਂ ਇਹ ਗੱਲ ਸਾਹਮਣੇ ਆਈ ਕਿ ਬੇਟੇ ਨੇ ਏਕੇ-47 ਆਰਡਰ ਕੀਤੀ ਸੀ ਤਾਂ ਹਾਲਤ ਖਰਾਬ ਹੋ ਗਈ। ਬੇਟੇ ਨੇ ਕਸਟਮ ਡਿਊਟੀ ਤੋਂ ਬਚਣ ਦੀ ਕੋਸ਼ਿਸ਼ ਵਿੱਚ ਬੰਦੂਕ ਨੂੰ ਪੋਲੈਂਡ ਤੋਂ ਬੁਲਗਾਰੀਆ ਭੇਜ ਦਿੱਤਾ, ਫਿਰ ਇਹ ਨੀਦਰਲੈਂਡ ਪਹੁੰਚ ਗਈ। ਬਾਰਬਰਾ ਨੇ ਅੱਗੇ ਕਿਹਾ ਕਿ ਮੈਂ ਰਾਈਫਲ ਸਥਾਨਕ ਪੁਲਿਸ ਵਿਭਾਗ ਨੂੰ ਸੌਂਪ ਦਿੱਤੀ। ਪੁੱਛ-ਪੜਤਾਲ ਤੋਂ ਬਾਅਦ ਪੁਲਿਸ ਨੇ ਮੇਰੇ ਲੜਕੇ ਖਿਲਾਫ ਕੋਈ ਕਾਨੂੰਨੀ ਕਾਰਵਾਈ ਨਹੀਂ ਕੀਤੀ। ਜਾਂਚ ਵਿੱਚ ਸਾਹਮਣੇ ਆਇਆ ਕਿ ਉਹ ਅੰਤਰਰਾਸ਼ਟਰੀ ਹੈਕਰਾਂ ਦੇ ਜਾਲ ਵਿੱਚ ਫਸ ਗਿਆ ਸੀ। ਇਸ ਘਟਨਾ ਤੋਂ ਬਾਅਦ ਬਾਰਬਰਾ ਨੇ ਖੁਦ ਸਾਈਬਰ ਸੁਰੱਖਿਆ ਦੀ ਸਿਖਲਾਈ ਲੈਣ ਦਾ ਫੈਸਲਾ ਕੀਤਾ। ਹੁਣ ਉਹ ਡੱਚ ਪੁਲਿਸ ਵਿੱਚ ਸਾਈਬਰ ਸਪੈਸ਼ਲ ਵਲੰਟੀਅਰ ਹੈ। ਬਾਰਬਰਾ ਦਾ ਕਹਿਣਾ ਹੈ ਕਿ ਅੱਜਕੱਲ੍ਹ ਕਿਸੇ ਵੀ ਵਿਅਕਤੀ ਲਈ ਸਾਈਬਰ ਅਪਰਾਧ ਦਾ ਸ਼ਿਕਾਰ ਹੋਣਾ ਬਹੁਤ ਆਸਾਨ ਹੈ ਕਿਉਂਕਿ, ਜ਼ਿਆਦਾਤਰ ਬੱਚਿਆਂ ਕੋਲ ਲੈਪਟਾਪ ਤੇ ਮੋਬਾਈਲ ਹੁੰਦੇ ਹਨ। ਇੱਕ ਅਣਜਾਣ ਕਲਿੱਕ ਨਾਲ, ਉਹ ਹੈਕਰਾਂ ਦੇ ਚੁੰਗਲ ਵਿੱਚ ਫਸ ਸਕਦੇ ਹਨ। ਅਜਿਹੀ ਸਥਿਤੀ ਵਿੱਚ ਜਾਗਰੂਕਤਾ ਬਹੁਤ ਜ਼ਰੂਰੀ ਹੈ।



## ਪੰਜਾਬ ਲਈ ਖ਼ਤਰੇ ਦੀ ਘੰਟੀ, ਤੇਜ਼ੀ ਨਾਲ ਫੈਲ ਰਹੀ ਸਵਾਈਨ ਫਲੂ ਦੀ ਬਿਮਾਰੀ

**ਲੁਧਿਆਣਾ, 1 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਮਹਾਨਗਰ 'ਚ ਸਵਾਈਨ ਫਲੂ ਦੇ ਮਰੀਜ਼ਾਂ ਦੀ ਗਿਣਤੀ 42 ਹੋ ਚੁੱਕੀ ਹੈ। ਸਿਹਤ ਵਿਭਾਗ ਵੱਲੋਂ ਇਨ੍ਹਾਂ 'ਚ 25 ਮਰੀਜ਼ਾਂ ਵਿਚ ਸਵਾਈਨ ਫਲੂ ਦੀ ਪੁਸ਼ਟੀ ਕੀਤੀ ਜਾ ਚੁੱਕੀ ਹੈ, ਜਦੋਂਕਿ 17 ਮਰੀਜ਼ਾਂ ਨੂੰ ਸ਼ੱਕੀ ਸ਼੍ਰੇਣੀ 'ਚ ਰੱਖਿਆ ਗਿਆ ਹੈ। ਇਸ ਦੌਰਾਨ ਇਨ੍ਹਾਂ 'ਚੋਂ 6 ਮਰੀਜ਼ਾਂ ਦੀ ਇਲਾਜ ਦੌਰਾਨ ਮੌਤ ਹੋ ਗਈ। ਸਿਵਲ ਸਰਜਨ ਡਾ. ਪ੍ਰਦੀਪ ਕੁਮਾਰ ਮੁਤਾਬਕ ਜਿਨ੍ਹਾਂ 6 ਮਰੀਜ਼ਾਂ ਦੀ ਮੌਤ ਹੋਈ ਹੈ, ਉਨ੍ਹਾਂ ਨੂੰ ਸ਼ੱਕੀ ਸ਼੍ਰੇਣੀ 'ਚ ਰੱਖਿਆ ਗਿਆ ਹੈ ਅਤੇ ਇਸ ਦੀ ਪੁਸ਼ਟੀ ਡੈੱਥ ਰੀਵਿਊ ਕਮੇਟੀ ਵੱਲੋਂ ਕੀਤੀ ਜਾਵੇਗੀ। ਇਸ ਤੋਂ ਪਹਿਲਾਂ ਉਨ੍ਹਾਂ ਨੂੰ ਸ਼ੱਕੀ ਸ਼੍ਰੇਣੀ 'ਚ ਰੱਖਣ ਦੀ ਹੀ ਵਿਵਸਥਾ ਹੈ। ਉਨ੍ਹਾਂ ਐਡਵਾਇਜ਼ਰੀ ਦਿੰਦਿਆਂ ਦੱਸਿਆ ਕਿ ਸਵਾਈਨ ਫਲੂ ਦੇ ਲੱਛਣ ਸਾਧਾਰਣ ਜ਼ੁਕਾਮ ਵਾਂਗ ਪੈਦਾ ਹੁੰਦੇ ਹਨ, ਜਿਸ ਵਿਚ ਗਲਾ ਖਰਾਬ ਅਤੇ ਸਾਹ ਲੈਣ 'ਚ ਤਕਲੀਫ ਸ਼ਾਮਲ ਹੈ। ਲੱਛਣ ਵਿਗੜਨ 'ਤੇ ਤੁਰੰਤ ਕਿਸੇ ਮਾਹਿਰ ਜਾਂ ਨੇੜੇ ਦੇ ਹਸਪਤਾਲ 'ਚ ਸੰਪਰਕ ਕਰਨਾ ਚਾਹੀਦਾ ਹੈ।

## ਡੇਰਾ ਬਿਆਸ ਦੇ ਨਵੇਂ ਮੁਖੀ ਨੂੰ ਮਿਲੀ ਜ਼ੈੱਡ ਸੁਰੱਖਿਆ, ਗ੍ਰਹਿ ਮੰਤਰਾਲਾ ਅਲਰਟ



**ਅੰਮ੍ਰਿਤਸਰ, 1 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਡੇਰਾ ਬਿਆਸ ਦੇ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋਂ ਵਲੋਂ ਉਤਰਾਧਿਕਾਰੀ ਐਲਾਨੇ ਗਏ ਹਜ਼ੂਰ ਜਸਦੀਪ ਸਿੰਘ ਗਿੱਲ ਨੂੰ ਜ਼ੈੱਡ ਸੁਰੱਖਿਆ ਮੁਹੱਈਆ ਕਰਵਾਈ ਗਈ ਹੈ। ਗ੍ਰਹਿ ਵਿਭਾਗ ਵੱਲੋਂ ਹਜ਼ੂਰ ਸਾਹਿਬ ਜਸਦੀਪ ਸਿੰਘ ਗਿੱਲ ਨੂੰ ਜ਼ੈੱਡ ਸੁਰੱਖਿਆ ਦਿੱਤੀ ਗਈ ਹੈ। ਸੂਤਰਾਂ ਮੁਤਾਬਕ ਖੁਫੀਆ ਏਜੰਸੀਆਂ ਵਲੋਂ ਮਿਲੀਆਂ ਰਿਪੋਰਟਾਂ ਤੋਂ ਬਾਅਦ ਡੇਰਾ ਬਿਆਸ ਦੇ ਉਤਰਾਧਿਕਾਰੀ ਜਸਦੀਪ ਸਿਘ ਗਿੱਲ ਨੂੰ ਸੁਰੱਖਿਆ ਦਿੱਤੀ ਗਈ ਹੈ।

ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਦੀ ਪ੍ਰੇਰਨਾ ਸਦਕਾ

www.nsycuk.com

ਸਾਲਾਨਾ ਯਾਤਰਾ 20 ਫਰਵਰੀ ਤੋਂ 12 ਮਾਰਚ 2025 ਤੱਕ

# ਪੰਜ ਤਖ਼ਤ ਸਾਹਿਬਾਨ ਅਤੇ ਹੋਰ ਇਤਿਹਾਸਕ ਗੁਰਦੁਆਰਿਆਂ ਦੀ ਸਾਲਾਨਾ ਯਾਤਰਾ


ਸ੍ਰੀ ਅਕਾਲ ਤਖ਼ਤ ਸਾਹਿਬ


ਤਖ਼ਤ ਸ੍ਰੀ ਪਟਨਾ ਸਾਹਿਬ


ਤਖ਼ਤ ਸ੍ਰੀ ਕੇਸਗੜ੍ਹ ਸਾਹਿਬ


ਤਖ਼ਤ ਸ੍ਰੀ ਦਮਦਮਾ ਸਾਹਿਬ


ਤਖ਼ਤ ਸ੍ਰੀ ਹਜ਼ੂਰ ਸਾਹਿਬ

## ਯਾਤਰਾ ਗੁਰਦੁਆਰਾ ਦੂਖ ਨਿਵਾਰਣ ਸਾਹਿਬ, ਗੁਰੂ ਤੇਗ ਬਹਾਦਰ ਨਗਰ, ਜਲੰਧਰ ਤੋਂ

20 ਫਰਵਰੀ 2025, ਦਿਨ ਵੀਰਵਾਰ ਨੂੰ ਸਵੇਰੇ ਠੀਕ 8 ਵਜੇ ਆਰੰਭ ਹੋਵੇਗੀ, ਸੰਗਤਾਂ ਸਵੇਰੇ 7.30 ਵਜੇ ਤੱਕ ਪਹੁੰਚਣ ਦੀ ਕਿਰਪਾ ਕਰਨ। 12 ਮਾਰਚ 2025, ਦਿਨ ਬੁੱਧਵਾਰ ਨੂੰ ਉਕਤ ਗੁਰਦੁਆਰਾ ਸਾਹਿਬ ਵਿਖੇ ਹੀ ਯਾਤਰਾ ਦੀ ਸਮਾਪਤੀ ਹੋਵੇਗੀ।



**ਬਾਹਰਲੇ ਦੇਸ਼ਾਂ ਤੋਂ ਜਾਣ ਵਾਲੇ ਯਾਤਰੀ ਦਾ ਖਰਚ 400 ਪੌਂਡ ਅਤੇ ਪੱਕੇ ਤੌਰ 'ਤੇ ਭਾਰਤ ਵਿਚ ਰਹਿ ਰਹੇ ਯਾਤਰੀ ਦਾ ਖਰਚਾ 20 ਹਜ਼ਾਰ ਰੁਪਏ ਹੈ**

ਸੀਮਤ ਸੀਟਾਂ ਜਲਦੀ ਬੁਕਿੰਗ ਕਰਵਾਉ ਜੀ

ਨੋਟ: ਵਿਦੇਸ਼ਾਂ ਤੋਂ ਸੰਗਤਾਂ ਆਪੋ-ਆਪਣੀਆਂ ਟਿਕਟਾਂ ਲੈ ਕੇ ਪੰਜਾਬ ਪਹੁੰਚਣਗੀਆਂ। ਯਾਤਰਾ ਏਅਰ ਕੰਡੀਸ਼ਨਰ ਕੋਚਾਂ ਵਿੱਚ ਕਰਵਾਈ ਜਾਵੇਗੀ। ਇੰਗਲੈਂਡ, ਅਮਰੀਕਾ, ਕੈਨੇਡਾ ਜਾਂ ਦੁਨੀਆਂ ਦੇ ਕਿਸੇ ਵੀ ਦੇਸ਼ ਵਿੱਚ ਰਹਿੰਦੇ ਸ਼ਰਧਾਲੂ ਇਸ ਯਾਤਰਾ ਵਿੱਚ ਜਾਲ ਲਈ ਸੰਪਰਕ ਕਰ ਸਕਦੇ ਹਨ। ਭਾਰਤ ਦੇ ਪੱਕੇ ਵਸਨੀਕ ਰਿਸ਼ਤੇਦਾਰਾਂ/ ਮਿੱਤਰਾਂ ਦੀ ਬੁਕਿੰਗ ਵੀ ਇੱਥੇ ਯੂ.ਕੇ. ਵਿੱਚ ਤੁਸੀਂ ਕਰਵਾ ਸਕਦੇ ਹੋ।

ਗੁ. ਸ੍ਰੀ ਗੁਰੂ ਤੇਗ ਬਹਾਦਰ, ਜਲੰਧਰ ਤੋਂ ਸ਼ੁਰੂਆਤ, ਗੁ. ਸ਼ਹੀਦ ਬੇਅੰਤ ਸਿੰਘ, ਗੁ. ਗੁਰੂ ਕਾ ਲਾਹੌਰ, ਗੁ. ਸੁਹੇਲਾ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਬਾਉਲੀ ਸਾਹਿਬ, ਗੁ. ਨਾਢਾ ਸਾਹਿਬ, ਗੁ. ਸ੍ਰੀ ਕ੍ਰਿਪਾਲ ਸ਼ਿਲਾ, ਗੁ. ਸ੍ਰੀ ਪਾਉਂਟਾ ਸਾਹਿਬ, ਗੁ. ਦਸਤਾਰ ਅਸਥਾਨ, ਗੁ. ਭੰਗਾਣੀ ਸਾਹਿਬ, ਗੁ. ਤੀਰਗੜ੍ਹੀ ਸਾਹਿਬ, ਗੁ. ਨਾਨਕਮਤਾ ਸਾਹਿਬ, ਗੁ. ਬਾਬਾ ਅਲਮਸਤ ਸਾਹਿਬ, ਗੁ. ਭੰਡਾਰਾ ਸਾਹਿਬ, ਗੁ. ਦੁੱਧ ਵਾਲਾ ਖੂਹ, ਬਾਉਲੀ ਸਾਹਿਬ, ਗੁ. ਭਗਤ ਕਬੀਰ ਜੀ ਮਗਹਰ,ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗੁ. ਗਊ ਘਾਟ, ਗੁ. ਤਾਕੀ ਸਾਹਿਬ, ਗੁ. ਗੁਰੂ ਕਾ ਬਾਗ ਪਟਨਾ ਸਾਹਿਬ, ਗੁ. ਕੰਗਣ ਘਾਟ, ਮਾਤਾ ਗੁਜਰੀ ਜੀ ਦਾ ਖੂਹ, ਗੁ. ਬਾਲ ਲੀਲ੍ਹਾ, ਗੁ. ਹਾਂਡੀ ਸਾਹਿਬ, ਗੁ. ਸ਼ੀਤਲ ਕੁੰਡ ਰਾਜਗੀਰ, ਗੁ. ਗਵਾਰੀ ਘਾਟ ਸਾਹਿਬ ਜੱਬਲਪੁਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਗੁ. ਰਤਨਗੜ੍ਹ ਸਾਹਿਬ, ਗੁ. ਨਾਨਕਸਰ, ਗੁ. ਸੰਗਤ ਸਾਹਿਬ, ਗੁ. ਮਾਤਾ ਸਾਹਿਬ ਦੇਵਾਂ ਜੀ, ਗੁ. ਅੰਗੀਠਾ ਸਾਹਿਬ ਸੰਤ ਬਾਬਾ ਨਿਧਾਨ ਸਿੰਘ ਜੀ-ਸੰਤ ਬਾਬਾ ਹਰਨਾਮ ਸਿੰਘ ਜੀ, ਗੁ. ਭਜਨਗੜ੍ਹ ਸਾਹਿਬ, ਗੁ. ਨਾਨਕ ਝੀਰਾ ਸਾਹਿਬ, ਗੁ. ਹੀਰਾ ਘਾਟ, ਗੁ. ਮਾਲਟੇਕੜੀ ਸਾਹਿਬ, ਗੁ. ਨਗੀਨਾ ਘਾਟ, ਗੁ. ਬੰਦਾ ਘਾਟ, ਦੇਹੁਰਾ ਭਗਤ ਨਾਮਦੇਵ ਜੀ, ਗੁ. ਬੜੀ ਸੰਗਤ ਸਾਹਿਬ ਬੁਰਹਾਨਪੁਰ, ਗੁ. ਦੱਖਣੀ ਓਅੰਕਾਰ ਸਾਹਿਬ, ਗੁ. ਸਾਹਿਬ ਬੇਟਮਾ ਇੰਦੌਰ, ਗੁ. ਦਾਤਾ ਬੰਦੀ ਛੋੜ ਗਵਾਲੀਅਰ, ਗੁ. ਦੂਖ ਨਿਵਾਰਨ ਸਾਹਿਬ ਆਗਰਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਭਾਈ ਡੱਲੇ ਦੀ ਹਵੇਲੀ, ਭੋਰਾ ਬਾਬਾ ਦੀਪ ਸਿੰਘ ਜੀ, ਗੁ. ਬਾਬਾ ਬੀਰ ਸਿੰਘ ਧੀਰ ਸਿੰਘ, ਗੁ. ਦਮਦਮਾ ਸਾਹਿਬ, ਗੁਰਦੁਆਰਾ ਬੁੰਗਾ ਮਸਤੂਆਣਾ, ਗੁਰੂਸਰ ਮਹਿਰਾਜ, ਗੁ. ਜ਼ਫਰਨਾਮਾ ਸਾਹਿਬ, ਗੁਰਦੁਆਰਾ ਟੁੱਟੀ ਗੰਢੀ ਸਾਹਿਬ, ਗੁ. ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ, ਸ੍ਰੀ ਤਰਨਤਾਰਨ ਸਾਹਿਬ, ਛੇਹਰਟਾ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਜਲੰਧਰ ਵਾਪਸੀ ਹੋਵੇਗੀ ।

**ਯਾਤਰੂ ਟਰੈਵਲ ਇੰਸ਼ੋਰੈਂਸ ਖੁਦ ਜ਼ਰੂਰ ਕਰਵਾਉਣ। ਤੁਸੀਂ ਆਪਣੇ ਨਾਂਅ ਇੰਗਲੈਂਡ ਦੇ ਵੱਖ-ਵੱਖ ਸ਼ਹਿਰਾਂ ਵਿਚ ਵੀ ਸਾਡੇ ਸੇਵਾਦਾਰਾਂ ਨੂੰ ਦੇ ਸਕਦੇ ਹੋ। ਵਧੀਆ ਰਿਹਾਇਸ਼ ਅਤੇ ਮੁੱਢਲੀ ਡਾਕਟਰੀ ਸਹਾਇਤਾ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ।**

## ਗੁਰੂ ਪੰਥ ਦੇ ਦਾਸ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ

| | | | |
|---|---|---|---|
| ਭਾਈ ਰਘਵੀਰ ਸਿੰਘ ਮਾਲੜੀ ਨੋਟਿੰਘਮ | +44 7813953484 | ਭਾਈ ਅਮਰੀਕ ਸਿੰਘ ਤੂਰ ਡਰਬੀ | +44 7539243163 |
| ਭਾਈ ਰਘਵੀਰ ਸਿੰਘ ਵਾਲਸਾਲ | +44 7976210161 | ਬੀਬੀ ਜਸਵਿੰਦਰ ਕੌਰ ਥਾਂਦੀ ਕਵੈਂਟਰੀ | +44 7895666314 |
| ਭਾਈ ਬਲਜੀਤ ਸਿੰਘ ਕੰਗ | +44 7780605230 | ਭਾਈ ਕਪਤਾਨ ਸਿੰਘ ਵੁਲਵਰਹੈਂਪਟਨ | +44 7788283485 |

ਨੋਟ: ਕਿਸੇ ਜਥੇਬੰਦੀ ਜਾਂ ਨਿੱਜੀ ਲਾਭ ਦੀ ਬਜਾਇ ਇਸ ਯਾਤਰਾ ਕਮੇਟੀ ਦਾ ਗਠਨ ਸੰਗਤਾਂ ਦੀ ਸੇਵਾ ਲਈ ਕੀਤਾ ਗਿਆ ਹੈ, ਇਕੱਤਰ ਮਾਇਆ ਗੁਰਦੁਆਰਾ ਸਾਹਿਬਾਨ ਦੀ ਸੇਵਾ ਵਿੱਚ ਹੀ ਲਾਈ ਜਾਂਦੀ ਹੈ।


Nankana Sahib Yatra Committee U.K, 21 Hazel Ave, Littleover, Derby De23 7HA
www.nsycuk.com, E-Mail: nsycuk1469@gmail.com
ਪਿਛਲੇ ਸਾਲਾਂ ਦੀਆਂ ਯਾਤਰਾ ਤਸਵੀਰਾਂ ਦੇਖਣ ਲਈ ਸਾਡੇ ਫੇਸਬੁੱਕ ਪੇਜ Nankana Sahib Yatra Commitee UK ਅਤੇ ਵੈੱਬਸਾਈਟ ਤੇ ਜ਼ਰੂਰ ਜਾਉ ਜੀ

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar



www.damdamitaksal.net

Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net



ਦਮਦਮੀ ਟਕਸਾਲ

ਨਾਮ ਜਪੋ ਕਿਰਤ ਕਰੋ ਵੰਡ ਛਕੋ | Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS

PURE AND NATURAL 100% VEGETARIAN

Enjoy Real Taste of PUNJAB

KD

FULLY A.C. HALL

**Khehra VAISHNO DHABA**

BREAKFAST LUNCH DINNER

OUR SPECIALIZATION : Au Important Ingredients used to Prepare Dishes are Grown in our own farmes.

- Soup
- Burger
- Sandwich
- Pizza
- Grilled Breads
- Continental Fast Food
- Tandoori Snacks
- Tandoori Breads
- Biryani Khas
- Beverages
- Shakes
- Desserts
- Punjabi Snacks
- South Indian
- Kathi Roll
- Pasta
- Chines Food
- Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment



## ਪੰਜਾਬੀ ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ | Love Maa Boli Punjabi

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ | ਲ਼ |

www.damdamitaksal.net

ਮੁਕਤਾ | ਾ ਕੰਨਾ | ਿ ਸਿਹਾਰੀ | ੀ ਬਿਹਾਰੀ
ੁ ਔਂਕੜ | ੂ ਦੁਲੈਂਕੜ | ੇ ਲਾਂ | ੈ ਦੁਲਾਵਾਂ
ੋ ਹੋੜਾ | ੌ ਕਨੌੜਾ | ੰ ਟਿੱਪੀ | ਾਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net

Learn Speak Read Write PUNJABI


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਧੰਨ–ਧੰਨ ਮਾਤਾ ਸਾਹਿਬ ਕੌਰ ਜੀ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
☬ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote





KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।






**www.khalsaforge.com**


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM International Newspaper & WEB TV
CALL US TO BOOK YOUR CSCS LEVEL ONE COURSE.
07715 1-28621




# • ਪੁਰਜ਼ੋਰ ਅਪੀਲ •

ਦੇਸ਼ ਵਿਦੇਸ਼ ਵਿੱਚ ਵੱਸਦੀ ਸਮੂਹ ਸਿੱਖ ਸੰਗਤ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਭਾਰਤੀ ਹਕੂਮਤ ਦੇ ਹੁਕਮਾਂ ਤੇ ਸਿੱਖਾਂ ਦੇ ਪਾਵਨ ਪਵਿੱਤਰ ਅਸਥਾਨ ਸਾਹਿਬ ਸ੍ਰੀ ਹਰਿਮੰਦਰ ਸਾਹਿਬ ਤੇ ਧਾੜਵੀ ਬਣਕੇ ਆਕੇ ਟੈਂਕਾਂ ਤੋਪਾਂ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਢਹਿ ਢੇਰੀ ਕਰਨ ਵਾਲੇ ਜਰਨਲ ਵੈਦਿਆ ਨੂੰ ਸੋਧਾ ਲਾਕੇ ਸਿੱਖ ਕੌਮ ਦੀ ਡਿੱਗੀ ਪੱਗ ਸਿਰ ਤੇ ਰੱਖਣ ਵਾਲੇ ਸੂਰਬੀਰ ਯੋਧੇ ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ ਅਤੇ ਭਾਈ ਸੁਖਦੇਵ ਸਿੰਘ ਸੁੱਖਾ ਜੀ ਦੀ 32ਵੀਂ ਬਰਸੀ ਉਹਨਾਂ ਦੇ ਜੱਦੀ ਪਿੰਡ ਗੱਦਲੀ, ਜਿਲਾ ਅੰਮ੍ਰਿਤਸਰ ਵਿਖੇ 9 ਅਕਤੂਬਰ 2024 ਨੂੰ ਮਨਾਈ ਜਾ ਰਹੀ ਹੈ। ਆਪ ਸਭ ਨੇ ਆਪਣੇਂ ਕੀਮਤੀ ਰੁਝੇਵਿਆਂ ਚੋਂ ਸਮਾਂ ਕੱਢ ਕੇ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਬੇਨਤੀ ਕਰਤਾ :-

## ਭਾਈ ਭੁਪਿੰਦਰ ਸਿੰਘ ਗੱਦਲੀ

(ਭਰਾਤਾ ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ ਅਤੇ ਭਾਈ ਸੁਖਦੇਵ ਸਿੰਘ ਸੁੱਖਾ)



DHAN DHAN SRI GURU NANAK DEV JI'S
PARKASH PURAB
SANDWELL
NAGAR
KIRTAN
ਨਗਰ ਕੀਰਤਨ
SUNDAY 3 NOV 2024
GURDWARA GURU HAR RAI SAHIB JI
George Street, West Bromwich
START 9.00AM
GURU NANAK GURDWARA
Edward Street, West Bromwich
11.00AM
GURDWARA AMRIT PARCHAR DHARMIK DIWAN
Birmingham Road, Oldbury
1.00PM
GURDWARA GURU MANEYO GRANTH
Popes Lane, Oldbury
2.00PM
GURDWARA BABA SANG
St Paul's Road, Smethwick
3.15PM
GURU NANAK GURDWARA SMETHWICK
High Street, Smethwick
4.00pm FINISH
ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ
ਜੋਰਜ ਸਟਰੀਟ ਵੈਸਟ ਬ੍ਰਮਵਿਚ
ਅਰੰਭਤਾ: ੯.੦੦ ਵਜੇ
ਗੁਰੂ ਨਾਨਕ ਗੁਰਦੁਆਰਾ,
ਏਡਵਰਡ ਸਟਰੀਟ ਵੈਸਟ ਬ੍ਰਮਵਿਚ
੧੧.੦੦ ਵਜੇ
ਗੁਰਦੁਆਰਾ ਅੰਮ੍ਰਿਤ ਪ੍ਰਚਾਰ ਧਾਰਮਿਕ ਦੀਵਾਨ
ਬ੍ਰਮਿੰਘਮ ਰੋਡ, ਓਲਡਬਰੀ
੧.੦੦ ਵਜੇ
ਗੁਰਦੁਆਰਾ ਗੁਰੂ ਮਾਨਯੋ ਗ੍ਰੰਥ
ਪੋਪਸ ਲੇਨ, ਓਲਦਬਰੀ
੨.੦੦ ਵਜੇ
ਗੁਰਦੁਆਰਾ ਬਾਬਾ ਸੰਗ ਜੀ
ਸਟ. ਪੋਲਜ਼ ਰੋਡ, ਸਮੈਦਿਕ
੩.੧੫ ਵਜੇ
ਗੁਰੂ ਨਾਨਕ ਗੁਰਦੁਆਰਾ
ਸਮੈਦਿਕ
ਸਮਾਪਤੀ: ੪.੦੦ ਵਜੇ
ਆਵਾਜ਼ਿ ਕੌਮ
AWAZE QAUM
International Newspaper & WEB TV
GURU HAR RAI GURDWARA SAHIB - 0121 553 7219
GURU NANAK GURDWARA SMETHWICK - 0121 558 2527
GURDWARA AMRIT PARCHAR DHARMIK DIWAN OLDBURY
Gurdwara Guru Maneyo Granth OLDBURY
GURU NANAK GURDWARA SMETHWICK
The Council of Sikh Gurdwaras in Sandwell







ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243






**ਦਮਦਮੀ ਟਕਸਾਲ ਦੇ ਚੌਦਵੇਂ ਮੁਖੀ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆ ਦੇ ਜਨਮ ਅਸਥਾਨ ਗੁਰਦੁਆਰਾ ਸੰਤ ਖਾਲਸਾ ਦੇ ਹੈੱਡ ਗ੍ਰੰਥੀ ਬਾਬਾ ਬਲਵਿੰਦਰ ਸਿੰਘ ਜੀ ਦਾ ਕਨੇਡਾ ਆਓਣ ਤੇ ਪਿੰਡ ਰੋਡੇ ਦੀਆ ਸੰਗਤਾ ਵੱਲੋ ਸਵਾਗਤ ਕੀਤਾ ਗਿਆ ,ਬਾਬਾ ਬਹਾਦਰ ਸਿੰਘ ਜੀ, ਬਾਈ ਹੈਪੀ ਰੋਡੇ ਅਤੇ ਗਿੱਲ ਬਾਈ ॥ ਬਾਬਾ ਬਲਵਿੰਦਰ ਸਿੰਘ ਜੀ 6 ਅਕਤੂਬਰ ਤੱਕ ਗੁਰਦੁਆਰਾ ਬਾਬਾ ਬੁੱਢਾ ਜੀ ਹੈਮਿਲਟਨ ਵਿਖੇ ਕਥਾ ਵਿਚਾਰਾ ਕਰਨਗੇ ਅਤੇ 7 ਅਕਤੂਬਰ ਤੋ 20 ਅਕਤੂਬਰ ਤੱਕ ਗੁਰਦੁਆਰਾ ਜੋਤ ਪ੍ਰਕਾਸ਼ (ਬਰੈਂਮਟਨ) ਵਿਖੇ ਕਥਾ ਦੀ ਹਾਜਰੀ ਭਰਨ ਗੇ ਟਰਾਂਟੋ ਏਰੀਏ ਦੀ ਸੰਗਤ ਗੁਰੂ ਘਰ ਵਿਖੇ ਹਾਜਰੀ ਜਰੂਰ ਭਰਿਓ ਜੀ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)**

## ਸਿੰਘ ਸਭਾ ਡਰਬੀ ਵਿਖੇ ਐਮ ਪੀ ਤਨਮਨਜੀਤ ਸਿੰਘ ਢੇਸੀ ਦੇ ਯਤਨਾਂ ਸਦਕਾ

# 10ਵੀਂ ਯੂ ਕੇ ਗੱਤਕਾ ਚੈਂਪੀਅਨਸ਼ਿਪ ਕਰਵਾਈ ਗਈ

### ਗੱਤਕਾ ਕਲਾ ਅਤੇ ਸ਼ਾਸ਼ਤਰ ਵਿੱਦਿਆ ਨੂੰ ਹੋਰ ਪ੍ਰਫੁਲਤ ਕਰਨ ਲਈ ਅਜੇ ਬਹੁਤ ਕੁਝ ਕਰਨ ਦੀ ਲੋੜ : ਐਮ. ਪੀ. ਤਨਮਨਜੀਤ ਸਿੰਘ ਢੇਸੀ

**ਲੰਡਨ, 1 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਗੁਰੂ ਸਿੰਘ ਸਭਾ ਡਰਬੀ ਦੇ ਬਾਬਾ ਬੰਦਾ ਸਿੰਘ ਬਹਾਦਰ ਹਾਲ ਵਿੱਚ 10ਵੀਂ ਯੂ ਕੇ ਗੱਤਕਾ ਚੈਂਪੀਅਨਸ਼ਿਪ ਮੌਕੇ ਵੱਖ ਵੱਖ ਸ਼ਹਿਰਾਂ ਤੋਂ ਪਹੁੰਚੇ 9 ਗੱਤਕਾ ਅਖਾੜਿਆਂ ਦੇ ਸਿੱਖ ਨੌਜਵਾਨਾਂ ਅਤੇ ਬੀਬੀਆਂ ਨੇ ਖਾਲਸਾਈ ਪ੍ਰੰਪਰਾਵਾਂ ਮੁਤਾਬਿਕ ਜੌਹਰ ਵਿਖਾਏ। ਸ਼ਬਦ ਕੀਰਤਨ ਅਤੇ ਅਰਦਾਸ ਤੋਂ ਉਪਰੰਤ ਗੱਤਕਾ ਮੁਕਾਬਲਿਆਂ ਦੀ ਸ਼ੁਰੂਆਤ ਕੀਤੀ। ਇਹਨਾਂ ਮੁਕਾਬਲਿਆਂ ਵਿੱਚ ਵੱਖ ਵੱਖ ਉਮਰ ਦੇ ਬੱਚਿਆਂ, ਬੀਬੀਆਂ ਅਤੇ ਮਰਦਾਂ ਦੇ ਮੁਕਾਬਲੇ ਕਰਵਾਏ ਗਏ। ਜਿਹਨਾਂ ਵਿੱਚੋਂ 12 ਤੋਂ 14 ਸਾਲ ਦੇ ਮੁਕਾਬਲੇ 'ਚੋਂ ਦਮਦਮੀ ਟਕਸਾਲ ਦੀ ਟੀਮ ਪਹਿਲੇ ਅਤੇ ਅਕਾਲੀ ਬਾਬਾ ਅਜੀਤ ਸਿੰਘ ਅਖਾੜਾ ਮਾਨਚੈਸਟਰ ਦੂਜੇ ਸਥਾਨ ਤੇ ਅਤੇ ਲੜਕੀਆਂ ਚੋਂ ਅਕਾਲੀ ਫੂਲਾ ਸਿੰਘ ਕਵੈਂਟਰੀ ਦੀ ਗੁਰਸੁਖਮਨ ਕੌਰ ਪਹਿਲੇ ਅਤੇ ਅਕਾਲੀ ਬਾਬਾ ਅਜੀਤ ਸਿੰਘ ਵਾਰਿੰਗਟਨ ਦੀ ਜੀਆ ਕੌਰ ਦੂਜੇ ਸਥਾਨ ਤੇ ਰਹੀ। 15 ਤੋਂ 17 ਉਮਰ ਦੇ ਲੜਕੀਆਂ ਦੇ ਮੁਕਾਬਲੇ 'ਚੋਂ ਦਮਦਮੀ ਟਕਸਾਲ ਡਰਬੀ ਜੇਤੂ ਅਤੇ ਬਾਬਾ ਬੰਦਾ ਸਿੰਘ ਬਹਾਦਰ ਡਰਬੀ ਦੀ ਟੀਮ ਉੱਪ ਜੇਤੂ ਰਹੀ, ਲੜਕਿਆਂ 'ਚੋਂ ਬਾਬਾ ਬੰਦਾ ਸਿੰਘ ਬਹਾਦਰ ਟੀਮ ਜੇਤੂ ਅਤੇ ਦਮਦਮੀ ਟਕਸਾਲ ਡਰਬੀ ਦੀ ਟੀਮ ਉੱਪ ਜੇਤੂ ਰਹੀ।ਬੀਬੀਆਂ ਦੇ ਮੁਕਾਬਲੇ 'ਚੋਂ ਦਮਦਮੀ ਟਕਸਾਲ ਡਰਬੀ ਪਹਿਲੇ ਅਤੇ ਬਾਬਾ ਫਤਹਿ ਸਿੰਘ ਅਖਾੜਾ ਗ੍ਰੇਵਜ਼ੈਂਡ ਦੂਜੇ ਸਥਾਨ ਤੇ ਰਹੀ, ਮਰਦਾਂ ਦੇ ਮੁਕਾਬਲੇ 'ਚੋਂ ਦਮਦਮੀ ਟਕਸਾਲ ਡਰਬੀ ਦੇ ਸਿੰਘਾਂ ਨੇ ਪਹਿਲਾ ਅਤੇ ਦੂਜਾ ਇਨਾਮ ਜਿੱਤਿਆ। ਸ: ਜਗਜੀਤ ਸਿੰਘ ਕੈਨੇਡਾ ਅਤੇ ਉਸਤਾਦ ਰਣਜੀਤ ਸਿੰਘ ਨੇ ਵੀ ਗੱਤਕੇ ਦੇ ਜੌਹਰ ਵਿਖਾਏ। ਗੱਤਕਾ ਫੈਡਰੇਸ਼ਨ ਯੂ ਕੇ ਦੇ ਪ੍ਰਧਾਨ ਐਮ ਪੀ ਤਨਮਨਜੀਤ ਸਿੰਘ ਢੇਸੀ ਨੇ ਕਿਹਾ ਕਿ ਸੰਗਤਾਂ ਦੇ ਸਹਿਯੋਗ ਨਾਲ ਪਿਛਲੇ ਇੱਕ ਦਹਾਕੇ ਤੋਂ ਵੱਧ ਸਮੇਂ ਤੋਂ ਲਗਾਤਾਰ ਗੱਤਕਾ ਚੈਂਪੀਅਨਸ਼ਿਪ ਕਰਵਾਈ ਜਾ ਰਹੀ ਹੈ। ਉਹਨਾਂ ਗੁਰਦੁਆਰਾ ਸਿੰਘ ਸਭਾ ਡਰਬੀ, ਗੁਰਦੁਆਰਾ ਸ੍ਰੀ ਗੁਰੂ ਅਰਜਨ ਦੇਵ ਜੀ ਡਰਬੀ, ਨੈਸ਼ਨਲ ਸਿੱਖ ਮਿਊਜ਼ੀਅਮ ਦੇ ਸੇਵਾਦਾਰਾਂ ਅਤੇ ਸਹਿਯੋਗੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਗੱਤਕਾ ਕਲਾ ਅਤੇ ਸ਼ਾਸ਼ਤਰ ਵਿੱਦਿਆ ਨੂੰ ਹੋਰ ਪ੍ਰਫੁਲਤ ਕਰਨ ਲਈ ਅਜੇ ਬਹੁਤ ਕੁਝ ਕਰਨ ਦੀ ਲੋੜ ਹੈ ਅਤੇ ਅਸੀਂ ਇਸ ਲਈ ਯਤਨ ਕਰ ਰਹੇ ਹਾਂ। ਇਸ ਮੌਕੇ ਯੂ ਕੇ ਗੱਤਕਾ ਫੈਡਰੇਸ਼ਨ ਦੇ ਜਨਰਲ ਸਕੱਤਰ ਹਰਮਨ ਸਿੰਘ ਜੌਹਲ, ਸ: ਜਸਪਾਲ ਸਿੰਘ ਢੇਸੀ, ਸ: ਰਾਜਿੰਦਰ ਸਿੰਘ ਪੁਰੇਵਾਲ, ਡਾ: ਰਣਜੀਤ ਸਿੰਘ ਵਿਰਕ, ਜਸਬੀਰ ਸਿੰਘ ਢਿਲੋਂ ਮੁੱਖ ਸੇਵਾਦਾਰ ਗੁਰਦੁਆਰਾ ਗੁਰੂ ਅਰਜਨ ਦੇਵ ਜੀ, ਸੁਖਦੇਵ ਸਿੰਘ ਅਟਵਾਲ, ਕੌਂਸਲਰ ਬਲਬੀਰ ਸਿੰਘ ਸੰਧੂ, ਦਲਜੀਤ ਸਿੰਘ ਵਿਰਕ, ਰਮਿੰਦਰ ਸਿੰਘ ਪੰਚ ਪ੍ਰਧਾਨੀ ਯੂ ਕੇ, ਬੌਬੀ ਜੁਟਲਾ ਸਲੋਹ, ਮਨਪ੍ਰੀਤ ਸਿੰਘ ਖਾਲਸਾ, ਬਿਕਰਮਜੀਤ ਸਿੰਘ, ਅਜੈਬ ਸਿੰਘ ਗਰਚਾ ਆਦਿ ਦਾ ਵਿਸ਼ੇਸ਼ ਧੰਨਵਾਦ ਕੀਤਾ। ਇਸ ਮੌਕੇ ਐਮ ਪੀ ਕੈਥਰਿਨ ਐਕਿੰਸਨ, ਐਮ ਪੀ ਬਾਗੀ ਸ਼ੰਕਰ, ਕੌਂਸਲਰ ਹਰਦਿਆਲ ਸਿੰਘ ਢੀਂਡਸਾ ਸਾਬਕਾ ਪੁਲਿਸ ਅਤੇ ਅਪਰਾਧ ਕਮਿਸ਼ਨਰ, ਕੌਂਸਲਰ ਹਰਜਿੰਦਰ ਸਿੰਘ ਗਹੀਰ, ਕੌਂਸਲਰ ਗੁਰਕਿਰਨ ਕੌਰ, ਉੱਘੇ ਗਾਇਕ ਨਿਰਮਲ ਸਿੱਧੂ, ਲੇਖਕ ਅਸ਼ੋਕ ਬਾਂਸਲ, ਸੋਖਾ ਢੇਸੀ, ਨਿਸ਼ਾਨ ਸਿੰਘ ਸਲੋਹ, ਤਰਨਜੀਤ ਸਿੰਘ ਢੇਸੀ ਬ੍ਰਮਿੰਘਮ, ਹਰਜਿੰਦਰ ਸਿੰਘ ਮੰਡੇਰ, ਸਰਬਜੀਤ ਸਿੰਘ, ਤਰਲੋਚਨ ਸਿੰਘ ਵਿਰਕ, ਬਲਜੀਤ ਸਿੰਘ, ਭਾਈ ਲਖਵੀਰ ਸਿੰਘ, ਮਨਪ੍ਰੀਤ ਸਿੰਘ ਬੱਧਨੀ ਕਲਾਂ, ਅਮਨਜੀਤ ਸਿੰਘ ਖਹਿਰਾ ਜੰਨ ਸ਼ਕਤੀ, ਅਕਾਲ ਚੈਨਲ, ਸਿੱਖ ਚੈਨਲ ਆਦਿ ਉਚੇਚੇ ਤੌਰ ਤੇ ਪਹੁੰਚੇ।










## ਜ਼ਿਲ੍ਹਾ ਪੱਧਰੀ ਖੇਡਾਂ ਵਤਨ ਪੰਜਾਬ ਦੀਆਂ ਵਿੱਚ

# ਖਾਲਸਾ ਸਕੂਲ ਦੇ ਵਿਦਿਆਰਥੀਆਂ ਨੇ ਮਾਰੀਆਂ ਮੱਲਾਂ




**ਤਲਵੰਡੀ ਸਾਬੋ, 01 ਅਕਤੂਬਰ (ਗੁਰਜੰਟ ਸਿੰਘ ਨਥੇਹਾ)**- ਪੰਜਾਬ ਸਰਕਾਰ ਵੱਲੋਂ ਕਰਵਾਈਆਂ ਜਾ ਰਹੀਆਂ ਖੇਡਾਂ ਵਤਨ ਪੰਜਾਬ ਵਿੱਚ ਖਾਲਸਾ ਸਕੂਲ ਤਲਵੰਡੀ ਸਾਬੋ ਦੇ ਖਿਡਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ, ਫੁੱਟਬਾਲ ਅੰਡਰ-17 ਨੇ ਦੂਜਾ ਸਥਾਨ, ਗੱਤਕਾ ਅੰਡਰ-14 (ਫ੍ਰੀ-ਸੋਟੀ ਟੀਮ) ਨੇ ਦੂਸਰਾ ਸਥਾਨ, ਗਤਕਾ ਅੰਡਰ-17 (ਫ੍ਰੀ-ਸੋਟੀ ਟੀਮ) ਨੇ ਤੀਸਰਾ ਸਥਾਨ ਅਤੇ ਗਤਕਾ ਅੰਡਰ-21 (ਫ੍ਰੀ-ਸੋਟੀ ਟੀਮ) ਨੇ ਤੀਸਰਾ ਸਥਾਨ ਅਤੇ ਜੱਜ ਸਿੰਘ ਨੇ ਵਿਆਕਤੀਗਤ ਡੈਮੋ ਵਿੱਚ ਗੋਲਡ ਮੈਡਲ ਅਤੇ ਸੁਖਵੀਰ ਸਿੰਘ ਨੇ ਫ੍ਰੀ-ਸੋਟੀ ਵਿਆਕਤੀਗਤ ਅਤੇ ਸਿੰਗਲ ਸੋਟੀ ਵਿੱਚ ਸਿਲਵਰ ਮੈਡਲ ਪ੍ਰਾਪਤ ਕੀਤੇ ਗੋਲਡ, ਬਾਕਸਿੰਗ ਵਿੱਚੋਂ ਅੰਡਰ-21 ਇੰਦਰਜੀਤ ਸਿੰਘ (ਬਾਰਵੀਂ ਸ਼੍ਰੇਣੀ) ਨੇ ਗੋਲਡ, ਜਗਤਾਰ ਸਿੰਘ (ਬਾਰਵੀਂ ਸ਼੍ਰੇਣੀ) ਨੇ ਸਿਲਵਰ, ਭਵਜੀਤ (ਬਾਰਵੀਂ ਸ਼੍ਰੇਣੀ) ਸਿੰਘ ਨੇ ਸਿਲਵਰ ਤਗਮੇ ਪ੍ਰਾਪਤ ਕੀਤੇ ਕੀਤੇ, ਬਾਕਸਿੰਗ ਅੰਡਰ-17 ਵਿੱਚੋਂ ਸਾਹਿਲ (ਨੌਵੀਂ ਸ਼੍ਰੇਣੀ) ਨੇ ਗੋਲਡ ਅਤੇ ਸੁਖਪ੍ਰੀਤ ਸਿੰਘ (ਗਿਆਰਵੀਂ ਸ਼੍ਰੇਣੀ) ਨੇ ਗੋਲਡ, ਦੀਪਕ (ਨੌਵੀਂ) ਨੇ ਸਿਲਵਰ ਅਤੇ ਅੰਸ਼ਦੀਪ ਨੇ ਸਿਲਵਰ ਅਤੇ ਏਕਮ ਨੇ ਕਾਂਸੀ ਤਗਮੇ ਪ੍ਰਾਪਤ ਕੀਤੇ, ਬਾਕਸਿੰਗ ਅੰਡਰ-14 ਵਿੱਚੋਂ ਲੱਕੀ ਸਿੰਘ (ਸੱਤਵੀਂ) ਨੇ ਗੋਲਡ ਅਤੇ ਹਰਮਨਦੀਪ ਸਿੰਘ ਨੇ ਗੋਲਡ, ਜਸਪ੍ਰੀਤ ਸਿੰਘਨੇ ਗੋਲਡ ਮਹਿਕਦੀਪ ਨੇ ਸਿਲਵਰ ਰਾਹੁਲ ਨੇ ਸਿਲਵਰ, ਕਬੀਰ ਨੇ ਕਾਂਸੀ ਤਗਮੇ ਪ੍ਰਾਪਤ ਕੀਤੇ। ਇਸ ਮੌਕੇ ਸਕੂਲ ਪ੍ਰਬੰਧਕ ਕਮੇਟੀ ਪ੍ਰਧਾਨ ਛੋਟਾ ਸਿੰਘ, ਮੈਨੇਜਰ ਰਣਜੀਤ ਸਿੰਘ ਮਲਕਾਣਾ, ਸਕੱਤਰ ਜਸਵਿੰਦਰ ਸਿੰਘ, ਮੀਤ ਪ੍ਰਧਾਨ ਭੁਪਿੰਦਰ ਸਿੰਘ, ਕਮੇਟੀ ਮੈਂਬਰ ਸੁਖਵੀਰ ਸਿੰਘ ਮਾਨ ਅਤੇ ਸਮੂਹ ਕਮੇਟੀ ਨੇ ਸਕੂਲ ਪ੍ਰਿੰਸੀਪਲ ਸ. ਬਿਕਰਮਜੀਤ ਸਿੰਘ ਸਿੱਧੂ ਅਤੇ ਸਰੀਰਕ ਸਿੱਖਿਆ ਅਧਿਆਪਕ ਹਰਪਾਲ ਸਿੰਘ ਅਤੇ ਸਮੂਹ ਸਟਾਫ ਅਤੇ ਖਿਡਾਰੀਆਂ ਨੂੰ ਇਸ ਸ਼ਾਨਦਾਰ ਪ੍ਰਦਰਸ਼ਨ ਲਈ ਮੁਬਾਰਕਬਾਦ ਦਿੱਤੀ ਅਤੇ ਸਾਰੇ ਖਿਡਾਰੀਆਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਸ਼੍ਰੀਮਤੀ ਸੁਖਪਾਲ ਕੌਰ (ਇੰਚਾਰਜ ਪ੍ਰਾਇਮਰੀ ਵਿਭਾਗ), ਸ਼੍ਰੀਮਤੀ ਜਸਵਿੰਦਰ ਕੌਰ, ਸ਼੍ਰੀਮਤੀ ਗੁਰਮੀਤ ਕੌਰ (ਪ੍ਰਿੰਸੀਪਲ ਖਾਲਸਾ ਸਕੂਲ ਗਰਲਜ਼), ਸ਼੍ਰੀਮਤੀ ਯਾਦਵਿੰਦਰ ਕੌਰ (ਵਾਈਸ ਪ੍ਰਿੰਸੀਪਲ ਖਾਲਸਾ ਸਕੂਲ ਗਰਲਜ਼), ਸ਼੍ਰੀਮਤੀ ਜਸਵੀਰ ਕੌਰ, ਸ਼੍ਰੀਮਤੀ ਅਰੁਨਦੀਪ, ਗਗਨਦੀਪ ਸਿੰਘ, ਸਤਨਾਮ ਸਿੰਘ. ਗੁਰਸੰਦੀਪ ਸਿੰਘ, ਕਰਮਜੀਤ ਸਿੰਘ, ਹਰਦੀਪ ਸਿੰਘ, ਸ਼੍ਰੀਮਤੀ ਮਨਪ੍ਰੀਤ ਕੌਰ, ਸ਼੍ਰੀਮਤੀ ਪਰਮਜੀਤ ਕੌਰ, ਸ਼੍ਰੀਮਤੀ ਕੁਲਦੀਪ ਕੌਰ, ਸ਼੍ਰੀਮਤੀ ਗੁਰਜੀਤ ਕੌਰ ਅਦਿ ਮੌਜੂਦ ਰਹੇ।

ਆਵਾਜ਼ਿ ਕੌਮ AWAZE QAUM International Newspaper & WEB TV

## ਅਕਾਲ ਯੂਨੀਵਰਸਿਟੀ ਦੇ ਐਨਸੀਸੀ ਵਿਭਾਗ ਵੱਲੋਂ

# ਸਵੱਛ ਭਾਰਤ ਦਿਵਸ ਤਹਿਤ ਸਫਾਈ ਅਭਿਆਨ ਦਾ ਆਯੋਜਨ



**ਤਲਵੰਡੀ ਸਾਬੋ, 1 ਅਕਤੂਬਰ (ਗੁਰਜੰਟ ਸਿੰਘ ਨਥੇਹਾ)**- ਭਾਰਤ ਸਰਕਾਰ ਦੁਆਰਾ ਜਾਰੀ ਨਿਰਦੇਸ਼ਾਂ ਅਨੁਸਾਰ ਦੇਸ਼ ਭਰ ਵਿਚ ਸਵੱਛ ਭਾਰਤ ਦਿਵਸ ਤਹਿਤ ਸਫਾਈ ਅਭਿਯਾਨ ਚਲਾਇਆ ਜਾ ਰਿਹਾ ਹੈ। ਇਹਨਾਂ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਕਾਲ ਯੂਨੀਵਰਸਿਟੀ ਦੇ ਐਨਸੀ ਲਸੀ ਵਿਭਾਗ ਵੱਲੋਂ ਡੀਨ ਅਕਾਦਮਿਕ ਮੇਜਰ ਜਨਰਲ ਡਾ. ਜੀ ਐੱਸ ਲਾਂਬਾ ਦੀ ਅਗਵਾਈ ਅਧੀਨ ਸਫਾਈ ਸੰਬੰਧੀ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ। ਗਤੀਵਿਧੀ ਦੇ ਸ਼ੁਰੂ ਵਿਚ ਮੇਜਰ ਜਨਰਲ ਡਾ. ਜੀ ਐੱਸ ਲਾਂਬਾ ਨੇ ਪਹਿਲਾਂ ਐਨਸੀਸੀ ਦੇ ਵਿਦਿਆਰਥੀਆਂ ਨੂੰ ਸਫਾਈ ਅਤੇ ਇਸਦੇ ਮਹੱਤਵ ਬਾਰੇ ਜਾਗਰੂਕ ਕੀਤਾ। ਉਪਰੰਤ ਉਹਨਾਂ ਨੇ ਸਫਾਈ ਅਭਿਆਨ ਦੀ ਰੂਪਰੇਖਾ ਸਾਂਝੀ ਕਰਦਿਆਂ ਸੰਬੰਧਿਤ ਦਿਸ਼ਾ ਨਿਰਦੇਸ਼ ਵੀ ਦਿੱਤੇ। ਉਹਨਾਂ ਨੇ ਵਿਦਿਆਰਥੀਆਂ ਨੂੰ ਆਪਣੇ ਆਲੇ ਦੁਆਲੇ ਦੀ ਸਫਾਈ ਰੱਖਣ ਲਈ ਪ੍ਰੇਰਿਤ ਕੀਤਾ। ਉਪਰੰਤ ਐਨ ਸੀ ਸੀ ਵਿਭਾਗ ਦੇ ਨੇਵਲ ਵਿੰਗ ਦੇ ਵਿਦਿਆਰਥੀਆਂ ਨੇ ਯੂਨੀਵਰਸਿਟੀ ਦੇ ਐਨਸੀਸੀ ਦਫਤਰ ਦੀ ਸਫਾਈ ਕੀਤੀ। ਉਹਨਾਂ ਨੇ ਵਿਸ਼ੇਸ਼ ਤੌਰ 'ਤੇ ਡ੍ਰਿਲ ਦੌਰਾਨ ਪ੍ਰਯੋਗ ਕੀਤੇ ਜਾਣ ਵਾਲੇ ਹਥਿਆਰਾਂ ਦੀ ਸਫਾਈ ਕੀਤੀ। ਸਫਾਈ ਅਭਿਆਨ ਦੀ ਥੀਮ 'ਸਵੱਛਤਾ ਦੀ ਭਾਗੀਦਾਰੀ' ਤਹਿਤ ਬੜੇ ਉਤਸ਼ਾਹ ਨਾਲ ਵਿਦਿਆਰਥੀਆਂ ਨੇ ਯੂਨੀਵਰਸਿਟੀ ਦੇ ਸਾਰੇ ਪਾਰਕਾਂ ਦੀ ਸਫਾਈ ਕੀਤੀ। ਇਸ ਮੌਕੇ ਨੇਵੀ ਵਿੰਗ ਦੇ ਸੀ ਓ ਡਾ. ਹਰਜਿੰਦਰ ਸਿੰਘ, ਆਰਮੀ ਵਿੰਗ ਦੇ ਸੀ ਓ ਡਾ. ਰਮਨਦੀਪ ਸਿੰਘ ਅਤੇ ਡ੍ਰਿਲ ਕੋਚ ਰਾਜਮੁਹੰਮਦ ਹਾਜ਼ਰ ਰਹੇ।

ਆਵਾਜ਼ਿ ਕੌਮ AWAZE QAUM International Newspaper & WEB TV

# ਅਮਰ ਸ਼ਹੀਦ ਬਾਬਾ ਜੀਵਨ ਸਿੰਘ ਜੀ ਦਾ 363ਵਾਂ ਜਨਮ ਦਿਹਾੜਾ ਮਨਾਇਆ



**ਚੌਕ ਮਹਿਤਾ, 1 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਅਮਰ ਸ਼ਹੀਦ ਬਾਬਾ ਜੀਵਨ ਸਿੰਘ ਜੀ ਗੁਰਦੁਆਰਾ ਪ੍ਰਬੰਧਕ ਕਮੇਟੀ ਪਿੰਡ ਖਲਚੀਆਂ ਵਲੋਂ ਬਾਬਾ ਪ੍ਰਕਾਸ਼ ਸਿੰਘ ਪ੍ਰਧਾਨ ਦੀ ਅਗਵਾਈ ਹੇਠ ਖੇਡ ਸਟੇਡੀਅਮ ਗਰਾਉਂਡ ਪਿੰਡ ਖਲਚੀਆਂ ਵਿਖੇ ਮਨਾਇਆ ਗਿਆ, ਅਤੇ ਖੁੱਲ੍ਹੇ ਭੰਡਾਲ ਵਿਚ ਦੀਵਾਨ ਸਜਾਏ ਗਏ। ਜਿਸ ਵਿੱਚ ਸਭ ਪਹਿਲਾਂ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕੀਤੇ ਗਏ, ਉਪਰੰਤ ਰਾਗੀ ਭਾਈ ਅਮਨਦੀਪ ਸਿੰਘ ਦੇ ਜਥੇ ਨੇ ਕੀਰਤਨ ਦੀ ਹਾਜ਼ਰੀ ਲਗਵਾਈ, ਉਸ ਤੋਂ ਬਾਅਦ ਗਿਆਨੀ ਮਨਦੀਪ ਸਿੰਘ ਵਿਦਿਆਰਥੀ ਕਥਾਵਾਚਕ ਨੇ ਸੰਗਤਾਂ ਨੂੰ ਗੁਰਇਤਹਾਸ ਸੁਣਾਂ ਕੇ ਨਿਹਾਲ ਕੀਤਾ। ਸਟੇਜ ਸਕੱਤਰ ਦੀ ਭੂਮਿਕਾ ਭਾਈ ਕੁਲਬੀਰ ਸਿੰਘ ਚੂੰਗ ਵਲੋਂ ਬਾਖੂਬੀ ਨਿਭਾਈ ਗਈ। ਇਸ ਮੌਕੇ ਨੌਜਵਾਨ ਸੇਵਾਦਾਰਾਂ ਵੱਲੋਂ ਮੋਟਰਸਾਈਕਲ ਸਟੈਂਡ ਅਤੇ ਜੋੜਿਆਂ ਦੀ ਸੇਵਾ ਕੀਤੀ ਗਈ। ਅਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਦਸਮੇਸ਼ ਤਰਨਾ ਦਲ ਦੇ ਮੁਖੀ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਨੇ ਜਥੇ ਸਮੇਤ ਹਾਜ਼ਰੀ ਲਗਵਾਈ। ਇਸ ਮੌਕੇ ਬਾਬਾ ਪ੍ਰਕਾਸ਼ ਸਿੰਘ, ਕਮੇਟੀ ਮੈਂਬਰ ਜਸਪਾਲ ਸਿੰਘ, ਮਾਸਟਰ ਕੁਲਵਿੰਦਰ ਸਿੰਘ, ਬਾਪੂ ਬਚਨ ਸਿੰਘ, ਬਾਪੂ ਬੀਰ ਸਿੰਘ,ਕੁੱਕ ਸਿੰਘ, ਪ੍ਰਿੰਸੀਪਲ ਸਤਿੰਦਰਜੀਤ ਸਿੰਘ,ਸੋਨਾ ਸਿੰਘ,ਰਾਜੂ ਸਿੰਘ,ਜੂਪਾ ਸਿੰਘ, ਬਾਬਾ ਸਰਤਾਜ ਸਿੰਘ ਖਾਲਸਾ ਰਈਆ,ਸੱਤੀ ਰਈਆ, ਕੁਲਜਿੰਦਰ ਸਿੰਘ, ਸ਼ੈਲੀ ਸਿੰਘ ਨਿੱਜਰ, ਅਤੇ ਗਿੱਲ ਸਟੂਡੀਓ ਵਾਲੇ ਹਾਜ਼ਰ ਸਨ। ਕੈਪਸਨ: ਰਾਗੀ ਸਿੰਘਾਂ ਨੂੰ ਸਨਮਾਨਿਤ ਕਰਦੇ ਹੋਏ ਬਾਬਾ ਪ੍ਰਕਾਸ਼ ਸਿੰਘ, ਬਾਬਾ ਸਰਤਾਜ ਸਿੰਘ ਅਤੇ ਗਿੱਲ ਖਲਚੀਆਂ ਵਾਲੇ।

ਆਵਾਜ਼ਿ ਕੌਮ AWAZE QAUM International Newspaper & WEB TV

# ਸੈਂਟ ਸੋਲਜ਼ਰ ਸਕੂਲ ਗੀਤਾ ਕਾਲੋਨੀ ਵਿੱਖੇ ਕਰਵਾਇਆ ਗਿਆ ਫੈਂਸੀ ਡਰੈਸ ਮੁਕਾਬਲਾ

## ☛ ਆਪ ਨੇਤਾ ਸੁਭਾਸ਼ ਗੋਰੀਆ ਦਾ ਦੋਹਤਾ ਗੈਵਿਸ਼ਟ ਸੇਖੜੀ ਰਿਹਾ ਪਹਿਲੇ ਸਥਾਨ 'ਤੇ ☛ ਵੱਖ ਵੱਖ ਰਾਜਾਂ ਦੀਆਂ ਸਭਿਆਚਾਰ ਪੋਸ਼ਾਕਾਂ ਚ ਬੱਚਿਆਂ ਨੇ ਦਿਖਾਇਆ ਆਪਣੀ ਕਲਾ ਦਾ ਜ਼ੋਰ



**ਚੌਕ ਮਹਿਤਾ, 1 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**- ਸੇਂਟ ਸੋਲਜਰ ਡਿਵਾਈਨ ਪਬਲਿਕ ਸਕੂਲ ਗੀਤਾ ਕਾਲੋਨੀ ਜਲੰਧਰ 'ਚ ਪ੍ਰੀ-ਪ੍ਰਰਾਇਮਰੀ ਵਿੰਗ ਦੇ ਨੰਨ੍ਹੇ-ਮੁੰਨੇ ਵਿਦਿਆਰਥੀਆਂ ਦੇ ਫੈਂਸੀ ਡਰੈੱਸ ਮੁਕਾਬਲੇ ਕਰਵਾਏ ਗਏ। ਪ੍ਰਿੰਸੀਪਲ ਗੁਰਦੀਪ ਕੌਰ ਦੀ ਅਗਵਾਈ 'ਚ ਕਰਵਾਏ ਇਨ੍ਹਾਂ ਮੁਕਾਬਲਿਆਂ ਦੌਰਾਨ ਬੱਚਿਆਂ ਨੇ ਮੁਕਾਬਲਿਆਂ ਦੌਰਾਨ ਪੰਜਾਬੀ ਗੱਭਰੂ, ਪੰਜਾਬਣ, ਡਾਕਟਰ, ਸ਼੍ਰੀ ਕ੍ਰਿਸ਼ਨ, ਸ਼ਿਵਜੀ ਤੇ ਰਾਧਾ-ਕ੍ਰਿਸ਼ਨ,ਬਾਪੂ ਗਾਂਧੀ ਆਦਿ ਦਾ ਭੇਸ ਧਾਰ ਕੇ ਸਾਰਿਆਂ ਦਾ ਮਨ ਮੋਹ ਲਿਆ। ਇਸ ਤੋਂ ਇਲਾਵਾ ਵਿਦਿਆਰਥੀਆਂ ਨੇ ਗਿੱਧਾ, ਭੰਗੜਾ, ਕਵਿਤਾਵਾਂ, ਗੀਤ, ਸੋਲੋ ਡਾਂਸ ਤੇ ਮਾਡਿਲੰਗ ਰਾਹ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਇਸ ਦੌਰਾਨ ਪਾਣੀ ਬਚਾਉਣ, ਬੂਟੇ ਲਗਾਉਣ, ਨਸ਼ੇ ਤਿਆਗਣ, ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਤੇ ਰੋਜ਼ਾਨਾ ਅਖਬਾਰ ਪੜ੍ਹ ਦਾ ਸੰਦੇਸ਼ ਵਾਲੇ ਪਹਿਰਾਵੇ ਵਾਲੇ ਬੱਚੇ ਖਿੱਚ ਦਾ ਕੇਂਦਰ ਬਣੇ। ਮੁਕਾਬਲੇ ਨੂੰ ਸਫ਼ਲ ਬਣਾਉਣ 'ਚ ਸਮੂਹ ਸਟਾਫ ਨੇ ਅਹਿਮ ਭੂਮਿਕਾ ਨਿਭਾਈ। ਮੁਕਾਬਲੇ ਨਰਸਰੀ ਦਾ ਵਿਦਿਆਰਥੀ ਗੈਵਿਸ਼ਟ ਸੇਖੜੀ ਨੇ ਪਹਿਲਾ ਸਥਾਨ ਹਾਸਿਲ ਕੀਤਾ।ਦੱਸਿਆ ਜਾਂਦਾ ਹੈ ਕਿ ਗੈਵਿਸ਼ਟ ਸੇਖੜੀ ਸਮਾਜ ਸੇਵੀ ਆਪ ਆਗੂ ਸੁਭਾਸ਼ ਗੋਰੀਆ ਦਾ ਦੋਹਤਾ ਹੈ। ਜੇਤੂ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਵੀ ਕੀਤੇ ਗਏ।ਇਸ ਮੌਕੇ ਸਮਾਜ ਸੇਵੀ ਆਪ ਨੇਤਾ ਸੁਭਾਸ਼ ਗੋਰੀਆ ਨੇ ਕਿਹਾ ਕਿ ਅਜਿਹੇ ਮੁਕਾਬਲੇ ਵਿਦਿਆਰਥੀਆਂ ਅੰਦਰ ਛੁਪੀ ਪ੍ਰਤਿਭਾ ਨੂੰ ਉਜਾਗਰ ਕਰਨ 'ਚ ਮਦਦ ਦੇ ਨਾਲ-ਨਾਲ ਇਹ ਵਿਦਿਆਰਥੀਆਂ 'ਚ ਆਤਮ ਵਿਸ਼ਵਾਸ ਵੀ ਪੈਦਾ ਕਰਦੇ ਹਨ। ਉਨਾਂ ਨੇ ਸਾਰੇ ਬੱਚਿਆਂ ਨੂੰ ਅਜਿਹੇ ਮੁਕਾਬਲਿਆਂ 'ਚ ਹਿੱਸਾ ਲੈਣ ਲਈ ਪ੍ਰੇਤਿ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

## ਬੀਜੇਪੀ ਦੇ ਬਲਾਕ ਪ੍ਰਧਾਨ ਬਸੰਤ ਕਾਂਝਲਾ ਸਾਥੀਆਂ ਸਮੇਤ ਆਮ ਆਦਮੀ ਪਾਰਟੀ 'ਚ ਹੋਏ ਸ਼ਾਮਿਲ

# ਪਿੰਡ ਕਾਂਝਲਾ 'ਚੋਂ ਬੀਜੇਪੀ ਦਾ ਹੋਇਆ ਸਫਾਇਆ

ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਵੱਲੋਂ ਆਪਣੇ ਧੂਰੀ ਦਫਤਰ ਤੇ ਇੰਚਾਰਜ ਲਾਏ ਸ, ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਦੀ ਅਗਵਾਈ ਹੇਠ ਭਾਰਤੀ ਜਨਤਾ ਪਾਰਟੀ ਦੇ ਬਲਾਕ ਪ੍ਰਧਾਨ ਬਸੰਤ ਕੁਮਾਰ ਕਾਂਝਲਾ ਆਪਣੇ ਸਾਥੀਆਂ ਸਮੇਤ ਵੱਡੀ ਗਿਣਤੀ ਵਿੱਚ ਭਾਰਤੀ ਜਨਤਾ ਪਾਰਟੀ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ। ਇਸ ਮੌਕੇ ਰਾਜਵੰਤ ਸਿੰਘ ਘੁੱਲੀ ਦਫਤਰ ਇੰਚਾਰਜ ਧੂਰੀ ਨੇ ਸਰੋਪੋ ਪਾ ਕੇ ਉਹਨਾਂ ਦਾ ਸਵਾਗਤ ਕੀਤਾ ਅਤੇ ਭਰੋਸਾ ਦਿੱਤਾ ਕਿ ਪਾਰਟੀ ਪਾਰਟੀ ਚ ਸ਼ਾਮਿਲ ਹੋਏ ਵਰਕਰਾਂ ਨੂੰ ਮਨ ਦਾ ਮਾਨ ਸਤਿਕਾਰ ਦਿੱਤਾ ਜਾਵੇਗਾ। ਇਸ ਮੌਕੇ ਸਰਪੰਚ ਅਮਨਦੀਪ ਸਿੰਘ ਕਾਂਝਲਾ, ਪਰਮਜੀਤ ਸਿੰਘ ਕਾਂਝਲਾ, ਰਣਜੋਧ ਸਿੰਘ ਕਾਂਝਲਾ ਪ੍ਰਮੁੱਖ ਉਮੀਦਵਾਰ ਜ਼ਿਲਾ ਪਰਿਸ਼ਦ ਜੋਨ ਬੇਨੜਾ , ਠੇਕੇਦਾਰ ਹਰਜਿੰਦਰ ਸਿੰਘ ਡਾਇਰੈਕਟਰ ਵੇਰਕਾ ਮਿਲਕ ਪਲਾਂਟ ਸੰਗਰੂਰ, ਨਪਿੰਦਰ ਸਿੰਘ ਕਾਂਝਲਾ, ਵਿਪਨ ਕੁਮਾਰ ਕਾਂਝਲਾ, ਮੋਹਨ ਲਾਲ, ਜਸਵੀਰ ਸਿੰਘ ਖੀਪਲ,ਵਿਪਨ ਕੁਮਾਰ ਕਾਂਝਲਾ ਭੋਲਾ ਸਿੰਘ, ਸੁਖਵਿੰਦਰ ਸਿੰਘ, ਠੇਕੇਦਾਰ ਲਾਲ ਸਿੰਘ, ਨਾਜਰ ਸਿੰਘ, ਪਰੀਤ ਸਿੰਘ, ਗੁਰਬਚਨ ਸਿੰਘ, ਅਵਤਾਰ ਸਿੰਘ, ਜਗਸੀਰ ਸਿੰਘ ਕਾਲਾ ,ਜੱਗੀ ਢਿੱਲੋਂ, ਹਰਪ੍ਰੀਤ ਸਿੰਘ, ਸੁਖਵੀਰ ਸਿੰਘ ਕਲੇਰ,ਬੇਅੰਤ ਸਿੰਘ ਖੇੜੀ ਜੱਟਾ ਆਦਿ ਆਗੂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV



### ਨੈਸ਼ਨਲ ਡੇਂਗੂ ਕੰਟਰੋਲ ਪ੍ਰੋਗਰਾਮ ਤਹਿਤ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ

# ਸਪਰੇਅ ਅਤੇ ਜਾਗਰੂਕਤਾ ਗਤੀਵਿਧੀਆਂ ਲਈ ਕੀਤੀਆਂ ਟੀਮਾਂ ਰਵਾਨਾ



**ਚੌਕ ਮਹਿਤਾ, 1 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਨੈਸ਼ਨਲ ਡੇਂਗੂ ਕੰਟਰੋਲ ਪ੍ਰੋਗਰਾਮ ਤਹਿਤ ਦੇ ਸਬੰਧ ਵਿੱਚ ਸਿਹਤ ਵਿਭਾਗ ਵਲੋਂ ਸਿਵਲ ਸਰਜਨ ਡਾ ਕਿਰਨਦੀਪ ਕੌਰ ਜੀ ਵਲੋਂ ਅੱਜ ਦਫਤਰ ਸਿਵਲ ਸਰਜਨ ਤੋਂ ਸ਼ਹਿਰ ਦੇ ਵੱਖ-ਵੱਖ ਇਲਾਕਿਆ ਵਿੱਚ ਸਪਰੇਅ ਅਤੇ ਜਾਗਰੂਕਤਾ ਗਤੀਵਿਧੀਆਂ ਲਈ 15 ਟੀਮਾਂ ਰਵਾਨਾ ਕੀਤੀਆਂ ਗਈਆਂ।ਇਸ ਅਵਸਰ ਤੇ ਜਾਣਕਾਰੀ ਸਾਂਝੀ ਕਰਦਿਆਂ ਸਿਵਲ ਸਰਜਨ ਡਾ ਕਿਰਨਦੀਪ ਕੌਰ ਨੇ ਦੱਸਿਆ ਕਿ ਸਿਹਤ ਵਿਭਾਗ ਦੀਆਂ ਇਹਨਾ ਟੀਮਾਂ ਵਲੋਂ ਹਫਤੇ ਵਿਚ ਤਿੰਨ ਵਾਰ ਸ਼ਹਿਰ ਦੇ ਵੱਖ-ਵੱਖ ਇਲਾਕਿਆ ਵਿਚ ਜਾਗਰੂਕਤਾ ਗਤੀਵਿਧੀਆਂ, ਸਪਰੇ, ਫੋਗਿੰਗ, ਬ੍ਰੀਡਿੰਗ ਚੈਕਿੰਗ ਅਤੇ ਚਲਾਣ ਕੱਟਣ ਦੀਆਂ ਗਤੀਵਿਧੀਆਂ ਕੀਤੀਆਂ ਜਾਂਦੀਆਂ ਹਨ।ਉਹਨਾਂ ਵਲੋਂ ਆਮ ਜਨਤਾ ਨੂੰ ਅਪੀਲ ਕੀਤੀ ਕਿ ਉਹ ਆਉਣ ਵਾਲੇ ਡੇਂਗੂ ਸੀਜ਼ਨ ਨੂੰ ਮੱਖ ਰੱਖਦਿਆ ਸਿਹਤ ਵਿਭਾਗ ਨੂੰ ਸਹਿਯੋਗ ਕੀਤਾ ਜਾਵੇ ਕਿਉਂਕਿ ਡੇਂਗੂ ਤੋ ਬੱਚਣ ਲਈ ਸਭ ਤੋ ਜਿਆਦਾ ਜਰੂਰੀ ਹੈ ਕਿ ਮੱਛਰ ਦੀ ਪੈਦਾਵਾਰ ਨੂੰ ਹੀ ਰੋਕਿਆ ਜਾਵੇ ਅਤੇ ਕਿਸੇ ਵੀ ਜਗਾ ਤੇ ਪਾਣੀ ਇਕੱਠਾ ਨਾਂ ਹੋਣ ਦਿੱਤਾ ਜਾਵੇ, ਆਪਣੇ ਘਰਾਂ ਵਿਚ ਫਰਿਜਾਂ ਦੀਆਂ ਟਰੇਆਂ, ਗਮਲਿਆ, ਕੂਲਰਾਂ ਆਦਿ ਦੀ ਸਫਾਈ ਹਫਤੇ ਵਿਚ ਇਕ ਵਾਰੀ ਯਕੀਨੀ ਬਣਾਈ ਜਾਵੇ, ਪੂਰੀ ਬਾਂਹ ਦੇ ਕਪੜੇ ਪਹਿਨੇ ਜਾਣ, ਮੱਛਰਦਾਨੀ ਅਤੇ ਮੱਛਰ ਭਜਾਓਣ ਵਾਲੀਆ ਕਰੀਮਾਂ ਸਪਰੇਅ ਦਾ ਇਸਤੇਮਾਲ ਕੀਤਾ ਜਾਵੇ ਅਤੇ ਕਿਸੇ ਵੀ ਕਿਸਮ ਦਾ ਬੁਖਾਰ ਹੋਣ ਦੀ ਸੂਰਤ ਵਿਚ ਤੁਰੰਤ ਨਜਦੀਕ ਦੇ ਸਰਕਾਰੀ ਹਸਪਤਾਲ ਤੋਂ ਆਪਣਾਂ ਮੁਫਤ ਇਲਾਜ ਅਤੇ ਜਾਂਚ ਕਰਵਾਈ ਜਾਵੇ। ਇਸ ਮੌਕੇ ਤੇ ਜਿਲਾ ਐਪੀਡਿਮੋਲੋਜਿਸਟ ਡਾ ਹਰਜੋਤ ਕੌਰ ਨੇ ਕਿਹਾ ਕਿ ਇਸ ਮੁਹਿੰਮ ਦੌਰਾਨ ਸਿਹਤ ਵਿਭਾਗ ਦੀਆਂ ਟੀਮਾਂ ਵਲੋਂ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਫੀਵਰ ਸਰਵੇ ਵੀ ਕੀਤਾ ਜਾ ਰਿਹਾ ਹੈ ਅਤੇ ਬੁਖਾਰ ਦੇ ਮਰੀਜਾਂ ਬਲੱਡ-ਸੈਂਪਲ ਵੀ ਲਏ ਜਾ ਰਹੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਉਹਨਾਂ ਕਿਹਾ ਕਿ ਡੇਂਗੂ ਦੀ ਰੋਕਥਾਮ ਸੰਬਧੀ ਜਿਲ੍ਹੇ ਭਰ ਵਿਚ ਡੇਂਗੂ ਵਾਰਡਾਂ ਤਿਆਰ ਕੀਤੀਆਂ ਗਈਆਂ ਹਨ। ਜਿਨਾਂ ਵਿੱਚ ਸਿਵਲ ਹਸਪਤਾਲ ਅੰਮ੍ਰਿਤਸਰ, ਹਰੇਕ ਸਬ ਡਜਿਵੀਜਨਲ ਹਸਪਤਾਲਾਂ ਅਤੇ ਹਰੇਕ ਬਲਾਕ ਪੱਧਰ ਤੇ ਵੀ ਡੇਂਗੂ ਵਾਰਡਾਂ ਬਣਾਈਆਂ ਗਈਆ ਹਨ। ਐਂਟੀ ਲਾਰਵਾ ਵਿੰਗ ਵਿਚ 15 ਟੀਮਾਂ ਕੰਮ ਕਰ ਰਹੀਆ ਜੋ ਕਿ ਰੋਜਾਨਾਂ ਸ਼ਹਿਰ ਦੇ ਅਲੱਗ-ਅੱਲਗ ਹਿੱਸਿਆਂ ਵਿਚ ਖਾਸ ਕਰਕੇ ਹੋਟਸਪੋਟ ਖੇਤਰਾਂ ਵਿਚ ਜਾ ਕੇ ਐਂਟੀਲਾਰਵਾ ਗਤੀਵਿਧੀਆ ਕਰ ਰਹੀਆਂ ਹਨ।ਇਸਤੋਂ ਇਲਾਵਾ ਸਾਰੇ ਪ੍ਰਾਇਵੇਟ ਹਸਪਤਾਲਾਂ ਅਤੇ ਲੈਬੋਰਟਰੀਆਂ ਨੂੰ ਅਗਾਹ ਕੀਤਾ ਜਾ ਚੁੱਕਿਆ ਹੈ ਕਿ ਕੋਈ ਵੀ ਕੇਸ ਸਾਹਮਣੇ ਆਉਣ ਤੇ ਤੁਰੰਤ ਸਿਹਤ ਵਿਭਾਗ ਨੂੰ ਸੂਚਿਤ ਕੀਤਾ ਜਾਵੇ।ਇਸ ਮੌਕੇ ਸਹਾਇਕ ਸਿਵਲ ਸਰਜਨ ਡਾ ਰਜਿੰਦਰ ਪਾਲ ਕੌਰ, ਜਿਲਾ ਟੀਕਾਕਰਣ ਅਫਸਰ ਡਾ ਭਾਰਤੀ ਧਵਨ, ਜਿਲਾ ਪਰਿਵਾਰ ਭਲਾਈ ਅਫਸਰ ਡਾ ਨੀਲਮ ਭਗਤ, ਜਿਲਾ ਐਮ.ਈ.ਆਈ.ਓ. ਅਮਰਦੀਪ ਸਿੰਘ, ਏ.ਐਮ.ਓ ਰਾਮ ਮਹਿਤਾ, ਐਸ.ਆਈ. ਗੁਰਦੇਵ ਸਿੰਘ ਢਿਲੋਂ, ਸੁਖਦੇਵ ਸਿੰਘ, ਹਰਵਿੰਦਰ ਸਿੰਘ, ਹਰਕਮਲ ਸਿੰਘ, ਰਜਿੰਦਰ ਸਿੰਘ, ਬਲਵਿੰਦਰ ਸਿੰਘ, ਪਰਮਜੀਤ ਸਿੰਘ, ਹਰਮੀਤ ਸਿੰਘ, ਰਣਜੋਧ ਸਿੰਘ, ਬਿਕਰਮਜੀਤ ਸਿੰਘ, ਕਲਦੀਪ ਸਿੰਘ, ਗੁਰਪਾਲ ਸਿੰਘ, ਸੰਜੀਵ ਕੁਮਾਰ ਸਮੂਹ ਫੀਲਡ ਵਰਕਰ/ਬ੍ਰੀਡਿੰਗ ਕੈਚਰ ਅਤੇ ਐਂਟੀ ਲਾਰਵਾ ਸਟਾਫ ਹੋਏ।

### ਪੰਜਾਬੀ ਯੂਨੀਵਰਸਿਟੀ ਕੈਂਪਸ ਤਲਵੰਡੀ ਸਾਬੋ ਦੇ ਹੋਸਟਲ ਵਿਦਿਆਰਥੀਆਂ ਲਈ

# 'ਮਾਨਸਿਕ ਸਿਹਤ ਦਾ ਵਿਕਾਸ' ਵਿਸ਼ੇ 'ਤੇ ਕਰਵਾਇਆ ਸੈਮੀਨਾਰ



**ਤਲਵੰਡੀ ਸਾਬੋ, 1 ਅਕਤੂਬਰ (ਗੁਰਜੰਟ ਸਿੰਘ ਨਥੇਹਾ)**- ਪੰਜਾਬੀ ਯੂਨੀਵਰਸਿਟੀ ਕੈਂਪਸ ਤਲਵੰਡੀ ਸਾਬੋ ਵਿਖੇ ਬਾਬਾ ਦੀਪ ਸਿੰਘ ਹੋਸਟਲ (ਲੜਕੇ) ਅਤੇ ਬਾਬਾ ਅਜੀਤ ਸਿੰਘ ਹੰਸਾਲੀ ਵਾਲ਼ੇ ਹੋਸਟਲ (ਲੜਕੀਆਂ) ਦੇ ਵਿਦਿਆਰਥੀਆਂ ਲਈ 'ਮਾਨਸਿਕ ਸਿਹਤ ਦਾ ਵਿਕਾਸ' ਵਿਸ਼ੇ ਤੇ ਇੱਕ ਸੈਮੀਨਾਰ ਕਰਵਾਇਆ ਗਿਆ ਜਿਸ ਵਿਚ ਪੰਜਾਬੀ ਯੂਨੀਵਰਸਿਟੀ ਪਟਿਆਲਾ ਤੋਂ ਪ੍ਰੋਵੋਸਟ ਡਾ. ਇੰਦਰਜੀਤ ਸਿੰਘ ਚਾਹਲ ਅਤੇ ਮਨੋਵਿਗਿਆਨ ਵਿਭਾਗ ਦੇ ਪ੍ਰੋਫ਼ੈਸਰ ਡਾ. ਰੂਬੀ ਗੁਪਤਾ ਨੇ ਸ਼ਿਰਕਿਤ ਕੀਤੀ। ਹੋਸਟਲ ਵਾਰਡਨ ਇੰਜ. ਲਖਵੀਰ ਸਿੰਘ ਵੱਲੋ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ। ਦੋਨੋਂ ਮਹਿਮਾਨਾਂ ਵਲੋਂ ਵਿਦਿਆਰਥੀਆਂ ਨਾਲ ਗੰਭੀਰ ਵਿਚਾਰ ਚਰਚਾ ਕਰਦਿਆਂ ਦੱਸਿਆ ਕਿ ਜ਼ਿੰਦਗੀ ਜਿਉਣ ਲਈ ਸਾਨੂੰ ਜਿੱਥੇ ਨਿਰੋਗੀ ਸਰੀਰਕ ਸਿਹਤ ਜ਼ਰੂਰੀ ਹੈ ਉੱਥੇ ਮਾਨਸਿਕ ਤੌਰ 'ਤੇ ਵੀ ਤੰਦਰੁਸਤ ਹੋਣਾ ਓਨਾ ਹੀ ਜ਼ਰੂਰੀ ਹੈ। ਉਹਨਾਂ ਦੱਸਿਆ ਕਿ ਕਈ ਵਾਰ ਮਨ ਵਿੱਚ ਅਜਿਹੇ ਵਿਚਾਰ ਪੈਦਾ ਹੋ ਜਾਂਦੇ ਹਨ ਜਿਸ ਕਰਕੇ ਇਨਸਾਨ ਡਿਪਰੈਸ਼ਨ ਦਾ ਸ਼ਿਕਾਰ ਹੋ ਜਾਂਦਾ ਹੈ ਜਿਸਦੇ ਸਿੱਟੇ ਵਜੋਂ ਆਤਮ ਹੱਤਿਆ ਤੱਕ ਦੀਆਂ ਘਟਨਾਵਾਂ ਦੇ ਘਟਣ ਦੀ ਨੌਬਤ ਆ ਜਾਣ ਬਾਰੇ ਅਸੀਂ ਅਖਬਾਰਾਂ ਚ ਸੁਣਦੇ ਹਾਂ। ਇਸ ਤਰਾਂ ਦੀਆਂ ਘਟਨਾਵਾਂ ਨਾ ਹੋਣ ਇਸ ਲਈ ਸਾਨੂੰ ਮਾਨਸਿਕ ਤੌਰ ਤੇ ਤੰਦਰੁਸਤ ਹੋਣ ਲਈ ਸਮਾਜ ਅੰਦਰ ਇੱਕ ਸਕਾਰਾਤਮਕ ਆਪਸੀ ਤਾਲਮੇਲ ਵਧਾਉਣਾ ਚਾਹੀਦਾ ਹੈ। ਆਪਣੇ ਮਨ ਦੇ ਵਿਚਾਰਾਂ ਨੂੰ ਖੁੱਲ੍ਹ ਕੇ ਆਪਣੇ ਅਧਿਆਪਕਾਂ, ਮਾਤਾ-ਪਿਤਾ ਅਤੇ ਚੰਗੇ ਦੋਸਤਾ ਨਾਲ ਸਾਂਝੇ ਕਰਨੇ ਚਾਹੀਦੇ ਹਨ, ਤਾਂ ਮਨ ਅੰਦਰ ਪੈਦਾ ਹੋਏ ਕਿਸੇ ਮਾਰੂ ਵਿਚਾਰ ਨੂੰ ਬੇਅਸਰ ਕੀਤਾ ਜਾ ਸਕੇ





ਆਵਾਜ਼ਿ ਕੌਮ AWAZE QAUM International Newspaper & WEB TV

ਕਿਉਂਕਿ ਆਪਣੇ ਮਨ ਨੂੰ ਜਿੱਤ ਕੇ ਹੀ ਜ਼ਿੰਦਗੀ ਵਿੱਚ ਸਹੀ ਫੈਸਲੇ ਲੈਣ ਦੇ ਕਾਬਲ ਬਣਿਆ ਜਾ ਸਕਦਾ ਹੈ। ਅਖ਼ੀਰ 'ਚ ਹੋਸਟਲ ਵਾਰਡਨ (ਲੜਕੀਆਂ) ਮੈਡਮ ਮਨਜੀਤ ਕੌਰ ਵਲੋਂ ਆਏ ਮਹਿਮਾਨਾਂ ਨੂੰ ਸਨਮਾਨ ਚਿੰਨ ਭੇਟ ਕੀਤਾ ਗਿਆ। ਇਸ ਮੌਕੇ ਅਸਿਸਟੈਂਟ ਪ੍ਰੋਫੈਸਰ ਇੰਜ. ਰਾਮ ਸਿੰਘ, ਸੀਨੀਅਰ ਸਹਾਇਕ ਸ਼੍ਰੀ ਗੁਰਪਾਲ ਸਿੰਘ, ਸ਼੍ਰੀ ਪਿੰਟੂ ਰਾਮ ਅਤੇ ਸਮੂਹ ਹੋਸਟਲ ਵਿਦਿਆਰਥੀ ਹਾਜ਼ਰ ਸਨ।

# ਦਸ਼ਮੇਸ਼ ਸਕੂਲ ਮਹਿਤਾ ਚੌਕ ਵਿਖੇ ਗਾਂਧੀ ਜਯੰਤੀ ਮੌਕੇ ਪ੍ਰਦਰਸ਼ਨੀ ਲਗਾਈ ਗਈ



**ਚੌਕ ਮਹਿਤਾ, 1 ਅਕੂਤਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)** -ਮਹਿਤਾ ਚੌਂਕ ਦੀ ਪੁਰਾਤਨ ਤੇ ਮੰਨੀ-ਪ੍ਰਮੰਨੀ ਸੰਸਥਾ ਦਸ਼ਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਗਾਂਧੀ ਜਯੰਤੀ- ਸਮਰਪਿਤ ਇੰਟਰ ਹਾਊਸ ਪ੍ਰਦਰਸ਼ਨੀ ਮੁਕਾਬਲਾ ਕਰਵਾਇਆ ਗਿਆ।ਇਹ ਮੁਕਾਬਲਾ ਦੋ ਜੂਨੀਅਰ ਅਤੇ ਸੀਨੀਅਰ ਕੈਟੇਗਰੀ ਵਿੱਚ ਅਲੱਗ-ਅਲੱਗ ਕਰਵਾਇਆ ਗਿਆ।ਸਕੂਲ ਵਿੱਚ ਚੱਲ ਰਹੇ ਤਿੰਨੋਂ ਹਾਊਸ ਬਿਆਸ, ਰਾਵੀ ਅਤੇ ਸਤਲੁਜ ਦੇ ਤਿੰਨ-ਤਿੰਨ ਬੱਚਿਆਂ ਨੇ ਇਸ ਮੁਕਾਬਲੇ ਵਿੱਚ ਹਿੱਸਾ ਲਿਆ। ਬੱਚਿਆਂ ਦੇ ਆਪਣੇ ਹਾਊਸ ਦੇ ਚੀਫ਼-ਟਿਊਟਰ ਦੀ ਦੇਖ-ਰੇਖ ਹੇਠ ਮਹਾਤਮਾ ਗਾਂਧੀ ਦੇ ਨਾਲ ਸੰਬੰਧਿਤ ਘਟਨਾਵਾਂ ਅਤੇ ਵਸਤਾਂ ਦੇ ਮਾਡਲ ਪੇਸ਼ ਕੀਤੇ ਗਏ। ਹਰ ਹਾਊਸ ਨੂੰ 03 ਮਿੰਟ ਆਪਣਾ ਮਾਡਲ ਪੇਸ਼ ਕਰਨ ਲਈ ਸਮਾਂ ਮਿਲਿਆ। ਬੱਚਿਆਂ ਨੇ ਇਸ ਪ੍ਰਦਰਸ਼ਨੀ ਵਿੱਚ ਆਪਣਾ ਮਾਡਲ ਬਹੁਤ ਸੋਹਣੇ ਢੰਗ ਨਾਲ ਪੇਸ਼ ਕਰਕੇ ਆਪਣੀ ਬੋਲਣ ਦੀ ਕਲ੍ਹਾ ਦਾ ਪ੍ਰਦਰਸ਼ਨ ਕੀਤਾ।ਜਿਸ ਵਿੱਚ ਉਹਨਾਂ ਨੇ ਮਹਾਤਮਾ ਗਾਂਧੀ ਜੀ ਦੇ ਜੀਵਨ ਪਹਿਲੂਆਂ ਨੂੰ ਪੇਸ਼ ਕੀਤਾ। ਪ੍ਰਦਰਸ਼ਨ ਕਰਨ ਤੋਂ ਬਾਅਦ ਹਰ ਹਾਊਸ ਨੂੰ ਮਹਾਤਮਾ ਗਾਂਧੀ ਦੇ ਜੀਵਨ ਨਾਲ ਸੰਬੰਧਿਤ ਪ੍ਰਸ਼ਨ ਕੀਤੇ ਗਏ।ਇੰਟਰ-ਹਾਊਸ ਮੁਕਾਬਲਿਆਂ ਦਾ ਨਿਰਣਾ ਸਕੂਲ ਦੇ ਡਾਇਰੈਕਟਰ ਮਨਪ੍ਰੀਤ ਸਿੰਘ ਟੱਕਰ ਵੱਲੋਂ ਕੀਤਾ ਗਿਆ। ਜੂਨੀਅਰ ਮੁਕਾਬਲੇ ਵਿੱਚ ਪਹਿਲਾਂ ਸਥਾਨ ਸਤਲੁਜ ਨੇ ਹਾਸਿਲ ਕੀਤਾ ਅਤੇ ਬਿਆਸ ਤੇ ਰਾਵੀ ਨੇ ਕ੍ਰਮਵਾਰ ਦੂਸਰਾ ਤੇ ਤੀਸਰਾ ਸਥਾਨ ਪ੍ਰਾਪਤ ਕੀਤਾ। ਸੀਨੀਅਰ ਵਿੰਗ ਵਿੱਚ ਬਿਆਸ ਹਾਊਸ ਨੇ ਪਹਿਲਾਂ ਸਥਾਨ ਪ੍ਰਾਪਤ ਕੀਤਾ ਅਤੇ ਸਤਲੁਜ ਤੇ ਰਾਵੀ ਹਾਊਸ ਦੋਵੇਂ ਦੂਸਰੇ ਸਥਾਨ 'ਤੇ ਰਹੇ।ਪ੍ਰਦਰਸ਼ਨੀ ਤੋਂ ਇਲਾਵਾ ਹਰ ਜਮਾਤ ਵਿੱਚ ਸਵੱਛ-ਭਾਰਤ-ਦਿਵਸ ਸੰਬੰਧਿਤ ਪੋਸਟਰ ਮੁਕਾਬਲੇ ਵੀ ਕਰਵਾਏ ਗਏ। ਸਵੇਰ ਦੀ ਸਭਾ ਵਿੱਚ ਵੀ ਗਾਂਧੀ ਜਯੰਤੀ ਸੰਬੰਧੀ ਵਿਸ਼ੇਸ਼ ਸਭਾ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਅਲੱਗ-ਅਲੱਗ ਜਮਾਤ ਦੇ ਬੱਚਿਆਂ ਨੇ ਮਹਾਤਮਾ ਗਾਂਧੀ ਦੀ ਜੀਵਨ ਯਾਤਰਾ ਅਤੇ ਆਜ਼ਾਦੀ ਦੇ ਸੰਘਰਸ਼ ਵਿੱਚ ਕੀਤੇ ਘੋਲ ਬਾਰੇ ਚਾਨਣਾ ਪਾਇਆ ਗਿਆ। ਸਕੂਲ ਦੇ ਚੇਅਰਮੈਨ ਗੁਰਦੀਪ ਸਿੰਘ ਰੰਧਾਵਾ ਨੇ ਪ੍ਰਦਰਸ਼ਨੀ ਮੁਕਾਬਲੇ ਵਿੱਚ ਭਾਗ ਸ਼ੀਲ ਬੱਚਿਆਂ ਨੂੰ ਵਧਾਈ ਦਿੱਤੀ।ਸਕੂਲ ਦੇ ਡਾਇਰੈਕਟਰ ਸ: ਮਨਪ੍ਰੀਤ ਸਿੰਘ ਟਕਰ ਨੇ ਬੱਚਿਆਂ ਨੂੰ ਮਹਾਤਮਾ ਗਾਂਧੀ ਦੇ ਦੇਸ਼ ਅਜ਼ਾਦ ਕਰਵਾਉਣ ਵਿੱਚ ਪਾਏ ਗਏ ਵਿਸ਼ੇਸ਼ ਯੋਗਦਾਨ ਅਤੇ ਮਹਾਨ ਸੰਘਰਸ਼ ਸੰਬੰਧਿਤ ਬੱਚਿਆਂ ਨੂੰ ਜਾਣਕਾਰੀ ਦਿੱਤੀ ਅਤੇ ਕਿਹਾ ਮਹਾਤਮਾ ਗਾਂਧੀ ਅਹਿੰਸਾ ਦੇ ਪੁਜਾਰੀ ਸਨ। ਇਹਨਾਂ ਦੀ ਵਿਸ਼ੇਸ਼ ਕੁਰਬਾਨੀ ਸਦਕਾ ਭਾਰਤ 15 ਅਗਸਤ 1947 ਨੂੰ ਅਜ਼ਾਦ ਹੋਇਆ ਜਿਸ ਕਰਕੇ ਇਹਨਾਂ ਨੂੰ ਰਾਸ਼ਟਰ ਪਿਤਾ ਵੀ ਆਖਿਆ ਜਾਂਦਾ ਹੈ। ਉਹਨਾਂ ਇਹ ਵੀ ਦਸਿਆ ਕਿ ਬੱਚਿਆਂ ਦਾ ਪੱਧਰ ਉੱਪਰ ਚੁੱਕਣ ਵਾਸਤੇ ਹਰ ਸੰਭਵ ਉਪਰਾਲੇ ਕੀਤੇ ਜਾ ਰਹੇ ਹਨ ਤਾਂ ਜੋ ਬੱਚਿਆਂ ਦਾ ਆਤਮ ਵਿਸ਼ਵਾਸ਼ ਵੱਧ ਸਕੇ ਅਤੇ ਆਉਣ ਵਾਲੇ ਸਮੇਂ ਵਿੱਚ ਉਹ ਹਰ ਚੁਣੌਤੀ ਦਾ ਸਾਹਮਣਾ ਕਰ ਸਕਣ।ਇਸ ਮੌਕੇ ਸੰਸਥਾ ਦੇ ਚੇਅਰਮੈਨ ਸਰਦਾਰ ਗੁਰਦੀਪ ਸਿੰਘ ਰੰਧਾਵਾ, ਡਾਇਰੈਕਟਰ ਸਰ ਮਨਪ੍ਰੀਤ ਸਿੰਘ ਟੱਕਰ ਅਤੇ ਕੋ-ਆਰਡੀਨੇਟਰ ਮੈਡਮ ਰਵਿੰਦਰ ਕੌਰ ਨੇ ਵਿਦਿਆਰਥੀਆਂ ਦੀ ਹੌਂਸਲਾ ਅਫ਼ਜਾਈ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਚੇਅਰਮੈਨ ਘੁੱਲੀ ਬਣੇ ਮੁੱਖ ਮੰਤਰੀ ਦੇ ਧੂਰੀ ਦਫ਼ਤਰ ਇੰਚਾਰਜ, ਵਰਕਰਾਂ 'ਚ ਖੁਸ਼ੀ ਦੀ ਲਹਿਰ



**ਧੂਰੀ, ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਦੇ ਓਐਸਡੀ ਪ੍ਰੋਫੈਸਰ ਓਕਾਰ ਸਿੰਘ ਦੇ ਜਾਣ ਤੋਂ ਬਾਅਦ ਧੂਰੀ ਮੁੱਖ ਮੰਤਰੀ ਦੇ ਦਫਤਰ ਵਿੱਚ ਲੋਕਾਂ ਦੇ ਕੰਮਾਂਕਾਰਾਂ ਵਿੱਚ ਕਾਫੀ ਦਿਕਤ ਆ ਰਹੀ ਸੀ। ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਆਮ ਲੋਕਾਂ ਦੀਆਂ ਭਾਵਨਾਵਾਂ ਨੂੰ ਦੇਖਦਿਆਂ ਅਤੇ ਪਾਰਟੀ ਪ੍ਰਤੀ ਦਿਨ ਰਾਤ ਤੱਤਪਰ ਰਹਿਣ ਵਾਲੇ ਆਮ ਲੋਕਾਂ ਦੀ ਆਵਾਜ਼ ਚੇਅਰਮੈਨ ਸ,ਰਾਜਵੰਤ ਸਿੰਘ ਘੁੱਲੀ ਅਤੇ ਦਲਵੀਰ ਸਿੰਘ ਢਿੱਲੋਂ ਨੂੰ ਦਫਤਰ ਦੀ ਜਿੰਮੇਵਾਰੀ ਸੋਂਪੀ ਗਈ ਹੈ। ਮੁੱਖ ਮੰਤਰੀ ਧੂਰੀ ਦੇ ਦਫ਼ਤਰ ਦੀ ਅਹਿਮ ਜਿੰਮੇਵਾਰੀ ਮਿਲਣ 'ਤੇ ਮਾਰਕਿਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਅਤੇ ਚੇਅਰਮੈਨ ਦਲਬੀਰ ਸਿੰਘ ਢਿੱਲੋਂ ਨੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਨੇ ਉਨ੍ਹਾਂ ਨੂੰ ਜੋ ਜਿੰਮੇਵਾਰੀ ਸੋਂਪੀ ਹੈ, ਉਹ ਹਲਕੇ ਵਿੱਚ ਰਹਿ ਕੇ ਹਲਕੇ ਦੇ ਵਿਕਾਸ ਨੂੰ ਸਮਰਪਿਤ ਹੋ ਕੇ ਲੋਕਾਂ ਦੇ ਕੰਮਾਂ ਲਈ ਦਿਨ ਰਾਤ ਤੱਤਪਰ ਰਹਿਣਗੇ। ਦਫਤਰ ਦੀ ਜਿੰਮੇਵਾਰੀ ਮਿਲਣ 'ਤੇ ਉਨ੍ਹਾਂ ਨੂੰ ਮੁਬਾਰਕਾਂ ਦੇਣ ਵਾਲਿਆਂ ਵਿੱਚ ਰਣਜੋਧ ਸਿੰਘ ਕਾਂਝਲਾ,ਕਰਮਜੀਤ ਸਿੰਘ ਕਾਂਝਲਾ, ਠੇਕੇਦਾਰ ਹਰਜਿੰਦਰ ਸਿੰਘ ਕਾਂਝਲਾ, ਪਰਮਜੀਤ ਸਿੰਘ ਕਾਂਝਲਾ, ਨਪਿੰਦਰ ਸਿੰਘ, ਸੰਦੀਪ ਤਾਇਲ ਪੱਪੂ, ਗਗਨ ਜਵੰਦਾ, ਤੀਰਥ ਸਿੰਘ ਗਿੱਲ, ਦਿਲਰਾਜ ਸਿੰਘ ਦੋਰਾਹਾ, ਸਰਬਜੀਤ ਸਿੰਘ ਕਨੇਡਾ , ਅਰਵਿੰਦ ਸ਼ਰਮਾ, ਰਣਜੀਤ ਸਿੰਘ ਗਿੱਲ,ਸੰਜੇ ਜੇਪੀ,ਅਮਰੀਕ ਸਿੰਘ ਸੋਹੀ,ਜੱਗਾ ਭੋਜੋਵਾਲੀ,ਭਿੰਦਾ ਵਿਰਕ, ਰਵੀ ਈਸੜਾ,ਗੁਰੀ ਈਸੜਾ, ਕੁਲਵੰਤ ਸਿੰਘ ਘਨੌਰੀ, ਗੁਰਮੇਲ ਸਿੰਘ ਘਨੌਰੀ, ਹਰਪ੍ਰੀਤ ਸਿੰਘ ਜਸਵਿੰਦਰ ਸਿੰਘ,ਮਨਜੀਤ ਸਿੰਘ ਲੱਡਾ,ਖਾਲਿਦ ਖਾਨ,ਬਲਵੀਰ ਸਿੰਘ ਈਸੀ, ਕੁਲਦੀਪ ਸਿੰਘ ਬੁੱਟਰ, ਨਾਹਰ ਸਿੰਘ ਮੀਮਸਾ, ਮਾਣਾ ਗਰੇਵਾਲ, ਬਿੱਲਾ ਸਾਹੀਵਾਲ, ਜੋਧਾ ਸਾਹੀਵਾਲ, ਸਰਪੰਚ ਸੁਖਦੀਪ ਸਿੰਘ ਚੀਮਾ, ਕੁਲਵਿੰਦਰ ਸਿੰਘ ਹਸਨਪੁਰ,ਰਣਜੀਤ ਸਿੰਘ ਧੰਦੀਵਾਲ ਹਾਜ਼ਰ ਸਨ।

# ਮਾਲਵਾ ਜ਼ੋਨ ਦੇ ਸਾਬਕਾ ਸੈਨਿਕਾਂ ਦੀ ਹੋਈ ਹੰਗਾਮੀ ਮੀਟਿੰਗ



ਆਵਾਜ਼ਿ ਕੌਮ AWAZE QAUM International Newspaper & WEB TV

**ਫਿਰੋਜ਼ਪੁਰ, 1 ਅਕਤੂਬਰ (ਮਨੋਹਰ ਲਾਲ) :—** ਦੇਸ਼ ਦੀ ਰਾਖੀ ਕਰਨ ਵਾਲੇ ਸਾਬਕਾ ਸੈਨਿਕਾਂ ਦੀ ਭਲਾਈ ਲਈ ਕਾਰਜ ਕਰਦੀ ਆ ਰਹੀ ਸਾਬਕਾ ਸੈਨਿਕ ਵਿੰਗ ਦੀ ਇਕ ਹੰਗਾਮੀ ਮੀਟਿੰਗ ਐਸ.ਐਕਸ ਐਫ ਹਵੇਲੀ ਹੋਟਲ ਵਿਖੇ ਹੋਈ। ਇਸ ਮੀਟਿੰਗ ਵਿਚ 24 ਪੰਜਾਬ ਰੇਜਮੈਂਟ ਦੇ ਸਾਬਕਾ ਸੈਨਿਕਾਂ ਅਤੇ 24 ਪੰਜਾਬ ਸਾਬਕਾ ਸੈਨਿਕ ਕਮੇਟੀ ਮਾਲਵਾ ਏਰੀਆ ਵੱਲੋਂ ਸਿ ?ਰਕਤ ਕੀਤੀ ਗਈ। ਇਸ ਮੀਟਿੰਗ ਵਿਚ ਸੂਬੇਦਾਰ ਜ਼ਸਵੀਰ ਸਿੰਘ, ਹੌਲਦਾਰ ਸੁਖਦੇਵ ਸਿੰਘ, ਹੌਲਦਾਰ ਰੂਪ ਸਿੰਘ, ਹੌਲਦਾਰ ਰਣ ਸਿੰਘ, ਹੌਲਦਾਰ ਸੋਹਨ ਸਿੰਘ, ਹੌਲਦਾਰ ਗੁਰਦੀਪ ਸਿੰਘ, ਹੌਲਦਾਰ ਹਰਦੀਪ ਸਿੰਘ, ਨਾਇਕ ਬੂਟਾ ਸਿੰਘ, ਨਾਇਕ ਜਗਸੀਰ ਸਿੰਘ ਆਦਿ ਕਮੇਟੀ ਮੈਂਬਰ ਸ਼ਾਮਲ ਹੋਏ। ਇਸ ਮੌਕੇ ਗੁਰਵਿੰਦਰ ਸਿੰਘ ਸ਼ਹੀਦ (ਰਿਟਾਇਰਡ ਕਰਨਲ) ਮੁੱਖ ਮਹਿਮਾਨ ਵਜੋਂ ਪੋ ?ਰਗਰਾਮ ਵਿਚ ਪਹੁੰਚੇ। ਇਸ ਤੋਂ ਇਲਾਵਾ 24 ਪੰਜਾਬ ਦੇ ਐਵਾਰਡੀ ਜੇਤੂ ਅਤੇ ਭਾਰੀ ਗਿਣਤੀ ਵਿਚ ਸਾਬਕਾ ਸੈਨਿਕਾਂ ਵੱਲੋਂ ਸ਼ਮੂਲੀਅਤ ਕੀਤੀ ਗਈ। ਇਸ ਮੌਕੇ ਸਾਰੇ ਸਾਬਕਾ ਸੈਨਿਕਾਂ ਵੱਲੋਂ ਇਕ—ਦੂਜੇ ਨੂੰ ਮਿਲ ਕੇ ਪੁਰਾਣੀਆਂ ਯਾਦਾਂ ਤਾਜ਼ਾਂ ਕੀਤੀਆਂ ਗਈਆਂ ਅਤੇ ਆਪਣੀਆਂ ਖੁਸ਼ੀਆਂ ਵਿਚ ਵਾਧਾ ਕੀਤੀ। ਇਸ ਮੌਕੇ ਬੋਲਦਿਆਂ ਸੂਬੇਦਾਰ ਚਰਨ ਸਿੰਘ ਕੀਰਤੀ ਚੱਕਰ ਚੇਅਰਮੈਨ ਸਾਬਕਾ ਸੈਨਿਕ ਸੰਘਰਸ਼ ਕਮੇਟੀ ਫਿ ?ਰੋਜ਼ਪੁਰ ਨੇ ਕਿਹਾ ਕਿ ਸਾਬਕਾ ਸੈਨਿਕਾਂ ਵੱਲੋਂ ਜਿਸ ਤਰ੍ਹਾਂ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਕੀਤੀ ਜਾਂਦੀ ਹੈ, ਉਸੀ ਤਰਜ਼ ਤੇ ਸੇਵਾਮੁਕਤੀ ਉਪਰੰਤ ਆਪਣੇ ਇਲਾਕੇ, ਪੰਜਾਬ ਅਤੇ ਦੇਸ਼ ਦੀ ਆਨ, ਬਾਨ ਅਤੇ ਸ਼ਾਨ ਲਈ ਕਾਰਜ ਕੀਤੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਸਾਬਕਾ ਸੈਨਿਕਾਂ ਦਾ ਰੋਜ਼ਾਨਾ ਇਕੱਠ ਵੱਡਾ ਹੁੰਦਾ ਜਾ ਰਿਹਾ ਹੈ ਅਤੇ ਸਾਬਕਾ ਸੈਨਿਕ ਜਿਸ ਕਦਰ ਜੁੜ ਰਹੇ ਹਨ, ਉਹ ਦਿਨ ਦੂਰ ਨਹੀਂ ਜਦੋਂ ਸਾਬਕਾ ਸੈਨਿਕ ਸਮਾਜ ਸੇਵੀ ਕਾਰਜਾਂ ਵਿਚ ਅਹਿਮ ਰੋਲ ਅਦਾ ਕਰਨਗੇ।

### *ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਵੱਲੋਂ

# ਨਵੀਂ ਖੇਤਰੀ ਪਾਰਟੀ ਦੇ ਗਠਨ ਤੋਂ ਪਹਿਲਾਂ ਹੀ ਕੁਝ ਕੁ ਲੀਡਰਾਂ ਵੱਲੋਂ ਕਿੰਤੂ ਉਹਨਾਂ ਦੀ ਘਬਰਾਹਟ ਦੇ ਸੰਕੇਤ



**ਅੰਮ੍ਰਿਤਸਰ 30 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਬੀਤੇ ਦਿਨ 29 ਸਤੰਬਰ ਨੂੰ ਡਿਗਰੂਗੜ ਜੇਲ੍ਹ ਵਿੱਚ ਨਜ਼ਰਬੰਦ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਜੀ ਦੇ ਪਿਤਾ ਅਤੇ ਉਹਨਾਂ ਦੇ ਸਮਰਥਕਾਂ ਵੱਲੋਂ ਨਵੀਂ ਖੇਤਰੀ ਪਾਰਟੀ ਬਣਾਉਣ ਦੇ

ਆਵਾਜ਼ਿ ਕੌਮ AWAZE QAUM International Newspaper & WEB TV

ਐਲਾਨ ਮਗਰੋਂ ਸਮੁੱਚੇ ਪੰਜਾਬ ਦੇ ਸਿਆਸੀ ਗਲਿਆਰਿਆਂ ਵਿੱਚ ਹੜਕੰਪ ਮਚ ਗਿਆ ਹੈ। ਇਸ ਐਲਾਨ ਮਗਰੋਂ ਆਉਂਦੇ ਕੁਝ ਹੀ ਦਿਨਾਂ ਵਿੱਚ ਇਸਦਾ ਸਿੱਧਾ ਸਿੱਧਾ ਅਸਰ ਪੰਜਾਬ ਦੇ ਪੰਥਕ ਹਾਲਾਤਾਂ ਤੇ ਵੀ ਪੈਂਦਾ ਨਜ਼ਰ ਆਵੇਗਾ। ਇਕ ਪ੍ਰੈਸ ਨੋਟ ਰਾਹੀਂ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਖਾਸ ਸਮਰਥੱਕ ਭਾਈ ਸ਼ਮਸ਼ੇਰ ਸਿੰਘ ਪੱਧਰੀ ਨੇ ਕਿਹਾ ਕਿ ਪੰਜਾਬ ਵਿੱਚ ਪਿਛਲੇ ਚਾਰ ਦਹਾਕਿਆਂ ਤੋਂ ਆਪਣੇ ਆਪ ਨੂੰ ਪੰਥਕ ਹੋਣ ਦਾ ਮਖੌਟਾ ਪਾਕੇ ਵਿਚਰਨ ਵਾਲੀਆਂ ਪਾਰਟੀਆਂ ਨੇ ਹੀ ਪੰਜਾਬ ਦਾ ਸਭ ਤੋਂ ਜਿਆਦਾ ਨੁਕਸਾਨ ਕੀਤਾ ਹੈ ਅਤੇ ਸਿੱਖ ਪੰਥਕ ਮਰਿਆਦਾਵਾਂ ਦਾ ਘਾਣ ਕੀਤਾ ਹੈ, ਜਿਸਦੇ ਫਲਸਰੂਪ ਪੰਜਾਬ ਦੇ ਲੋਕਾਂ ਕੋਲ ਕੋਈ ਵਧੀਆ ਤੀਸਰਾ ਬਦਲ ਨਾਂ ਹੋਣ ਕਾਰਨ ਇਕ ਗੈਰ-ਪੰਜਾਬੀ ਸੋਚ ਰੱਖਣ ਵਾਲੀ ਪਾਰਟੀ ਨੇ ਇਸਦਾ ਲਾਭ ਉਠਾ ਲਿਆ ਅਤੇ ਪੰਜਾਬ ਮੌਜੂਦਾ ਹਾਲਾਤ ਹੁਣ ਪਹਿਲਾਂ ਨਾਲੋਂ ਵੀ ਬਦਤਰ ਹੋ ਚੁੱਕੇ ਹਨ। ਉਹਨਾਂ ਕਿਹਾ ਕਿ ਸਭ ਤੋਂ ਪਹਿਲਾਂ ਪੰਜਾਬ ਵਿੱਚ ਵੱਸਦੇ ਬਹੁ-ਗਿਣਤੀ ਸਿੱਖ ਭਾਈਚਾਰੇ ਦੀਆਂ ਧਾਰਮਿਕ ਭਾਵਨਾਵਾਂ ਨੂੰ ਕੁਚਲਿਆ ਗਿਆ ਅਤੇ ਵਾਰ-ਵਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਦੋਸ਼ੀਆਂ ਨੂੰ ਸਜਾਵਾਂ ਦਿਵਾਉਣ ਦਾ ਝਾਂਸਾ ਦੇਕੇ ਸਿਆਸੀ ਰੋਟੀਆਂ ਸੇਕੀਆਂ ਗਈਆਂ ਤੇ ਰਾਜ ਸੱਤਾ ਹਾਸਿਲ ਕੀਤੀ ਗਈ ਅਤੇ ਰਾਜ ਸੱਤਾ ਵਿੱਚ ਆਉਣ ਤੋਂ ਬਾਅਦ ਇਸਦਾ ਇਨਸਾਫ ਦੇਣ ਦੀ ਬਜਾਏ ਇਸ ਮੁੱਦੇ ਨੂੰ ਹੀ ਦਬਾ ਦਿੱਤਾ ਗਿਆ। ਇਸੇ ਪ੍ਰਕਾਰ ਪੰਜਾਬ ਵੱਡੇ ਪੱਧਰ ਤੇ ਹੋ ਰਹੀ ਨਸ਼ੇ ਦੀ ਵਿਕਰੀ ਤੇ ਰੋਕ ਲਗਾਉਣ ਅਤੇ ਬੇਰੁਜ਼ਗਾਰੀ ਖ਼ਤਮ ਕਰਨ ਵਰਗੇ ਖਾਸ ਮੁੱਦਿਆਂ ਨੂੰ ਵੀ ਮਹਿਜ ਪੰਜਾਬ ਦੇ ਲੋਕਾਂ ਦੀਆਂ ਅੱਖਾਂ ਚ' ਘੱਟਾ ਪਾਉਣ ਵਾਸਤੇ ਹੀ ਵਰਤਿਆ ਗਿਆ, ਇੱਥੇ ਹੀ ਬੱਸ ਨਹੀਂ ਸਗੋਂ ਇਸਦੇ ਨਾਲ ਨਾਲ ਸਗੋਂ ਪੰਥਕ ਲੀਡਰਾਂ ਨੂੰ ਹੀ ਨਸ਼ੇ ਦੇ ਕਾਰੋਬਾਰ ਵਿੱਚ ਲਿਪਤ ਪਾਇਆ ਗਿਆ। ਭਾਈ ਪੱਧਰੀ ਨੇ ਇਹਨਾਂ ਸਾਰੇ ਹੀ ਪਹਿਲੂਆਂ ਤੇ ਗਹਿਰੀ ਚਿੰਤਾ ਵਿਅੱਕਤ ਕਰਦਿਆਂ ਕਿਹਾ ਕਿ ਇਹਨਾਂ ਹੀ ਬੁਰਾਈਆਂ ਖਿਲਾਫ਼ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਤੇ ਉਹਨਾਂ ਦੇ ਸਾਥੀਆਂ ਵੱਲੋਂ ਜਦੋਂ ਮੁਹਿੰਮ ਵਿੱਢੀ ਗਈ ਤਾਂ ਸਰਕਾਰ ਦੀ ਮਾੜੀ ਨੀਯਤ ਦੇ ਚਲਦਿਆਂ ਉਹਨਾਂ ਉੱਪਰ ਨਜਾਇਜ਼ ਤੇ ਝੂਠੇ ਇਲਜਾਮ ਲਗਾਕੇ ਉਹਨਾਂ ਨੂੰ ਜੇਲਾਂ ਵਿੱਚ ਡੱਕ ਦਿੱਤਾ ਗਿਆ। ਇਹੀ ਕਾਰਨ ਹੈ ਕਿ ਪੰਜਾਬ ਦੇ ਲੋਕਾਂ ਨੇ ਸਰਕਾਰ ਮਾੜੀ ਕਾਰਗੁਜਾਰੀ ਅਤੇ ਇਹਨਾਂ ਬੁਰਾਈਆਂ ਦਾ ਵਿਰੋਧ ਦਰਜ ਕਰਦੇ ਹੋਏ ਭਾਈ ਅੰਮ੍ਰਿਤਪਾਲ ਸਿੰਘ ਤੇ ਭਾਈ ਸਰਬਜੀਤ ਸਿੰਘ ਜੀ ਨੂੰ ਭਾਰੀ ਬਹੁਮਤ ਨਾਲ ਜਿਤਾਇਆ। ਜੋ ਇਹ ਗੱਲ ਸਾਬਿਤ ਕਰਦਾ ਹੈ ਕਿ ਭਾਈ ਅੰਮ੍ਰਿਤਪਾਲ ਸਿੰਘ ਤੇ ਉਹਨਾਂ ਦੀ ਪੰਜਾਬ ਅਤੇ ਪੰਥ ਦੇ ਭਲੇ ਵਾਲੀ ਵਿਚਾਰਧਾਰਾ ਨੂੰ ਪੰਜਾਬ ਦੇ ਲੋਕ ਸਤਿਕਾਰ ਨਾਲ ਵੇਖਦੇ ਹਨ ਤੇ ਇਸੇ ਵਿਚਾਰਧਾਰਾ ਦੇ ਮੱਦੇਨਜ਼ਰ ਇਕ ਵਧੀਆ ਪੰਥਕ ਪਾਰਟੀ ਲੋੜ ਮਹਿਸੂਸ ਕਰ ਰਹੇ ਹਨ ਜੋ ਉਹਨਾਂ ਦੀਆਂ ਉਮੀਦਾਂ ਤੇ ਖਰੀ ਉੱਤਰ ਸਕੇ। ਭਾਈ ਸ਼ਮਸ਼ੇਰ ਸਿੰਘ ਪੱਧਰੀ ਨੇ ਕਿਹਾ ਕਿ ਪੰਜਾਬ ਅਤੇ ਪੰਜਾਬੀਆਂ ਦੇ ਬਿਹਤਰ ਭਵਿੱਖ ਲਈ ਨਵੀਂ ਪੰਥਕ ਸਿਆਸੀ ਪਾਰਟੀ ਦਾ ਹੋਂਦ ਚ' ਆਉਣਾਂ ਸਮੇਂ ਦੀ ਮੰਗ ਹੈ। ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਪਿਤਾ ਬਾਪੂ ਤਰਸੇਮ ਜੀ ਅਤੇ ਉਹਨਾਂ ਦੀ ਟੀਮ ਵੱਲੋਂ ਨਵੀਂ ਪਾਰਟੀ ਬਣਾਉਣ ਦੇ ਕੀਤੇ ਐਲਾਨ ਤੋਂ ਬਾਅਦ ਕੁਝ ਕੁ ਲੀਡਰਾਂ ਵੱਲੋਂ ਨਵੀਂ ਪਾਰਟੀ ਦੇ ਗਠਨ ਤੇ ਕਿੰਤੂ ਕਰਨ ਦਾ ਜਵਾਬ ਵਿੱਚ ਭਾਈ ਪੱਧਰੀ ਨੇ ਕਿਹਾ ਕਿ ਨਵੀਂ ਪਾਰਟੀ ਦੇ ਹੋਂਦ ਵਿੱਚ ਆਉਣ ਤੋਂ ਪਹਿਲਾਂ ਹੀ ਇਸ ਤਰਾਂ ਦੀ ਤਿਲਮਿਲਾਹਟ ਉਹਨਾਂ ਅੰਦਰ ਵਧੀ ਘਬਰਾਹਟ ਦੇ ਸੰਕੇਤ ਦਿੰਦੀ ਹੈ, ਕਿਉਂਕਿ ਪੰਜਾਬ ਵਿੱਚ ਮੌਜੂਦਾ ਵਿੱਚਰ ਰਹੀਆਂ ਪੰਥਕ ਸਿਆਸੀ ਪਾਰਟੀਆਂ ਦੇ ਲੀਡਰ ਨੂੰ ਆਉਣ ਵਾਲੇ ਸਮੇਂ ਵਿੱਚ ਆਪਣੀਂ ਸਿਆਸੀ ਜਮੀਨ ਖੁੱਸਦੀ ਹੋਈ ਨਜਰ ਆ ਰਹੀ ਹੈ। ਉਹਨਾਂ ਕਿਹਾ ਕਿ ਪੰਜਾਬ ਅਤੇ ਪੰਥ ਲਈ ਜਿੰਨਾਂ ਜਿੰਨਾਂ ਨੂੰ ਵੀ ਹੁਣ ਤੱਕ ਸਿਆਸੀ ਜਾਂ ਧਾਰਮਿਕ ਤੌਰ ਤੇ ਵਿਚਰਨ ਦਾ ਸਮਾਂ ਮਿਲਿਆ ਹੈ ਉਹਨਾਂ ਤੇ ਪੰਜਾਬ ਸਵਾਲ ਖੜੇ ਕਰ ਰਿਹਾ ਹੈ ਅਤੇ ਉਹ ਕੁਝ ਬਿਹਤਰ ਕਰਕੇ ਸਮਾਂ ਰਹਿੰਦਿਆਂ ਹੀ ਆਪਣੈਂ ਉੱਤੇ ਉੱਠਦੇ ਸਵਾਲਾਂ ਤੇ ਵਿਰਾਮ ਲਗਾ ਸਕਦੇ ਸਨ ਪ੍ਰੰਤੂ ਅਜਿਹਾ ਨਹੀਂ ਹੋਇਆ।

**ਪੰਜਾਬ ਅਤੇ ਪੰਜਾਬੀਆਂ ਦੇ ਬਿਹਤਰ ਭਵਿੱਖ ਲਈ ਨਵੀਂ ਪੰਥਕ ਸਿਆਸੀ ਪਾਰਟੀ ਦਾ ਹੋਂਦ ਚ' ਆਉਣਾ ਸਮੇਂ ਦੀ ਮੰਗ : ਸ਼ਮਸ਼ੇਰ ਸਿੰਘ ਪੱਧਰੀ**

# ਕੈਨੇਡਾ 'ਚ ਵਿਦਿਆਰਥੀਆਂ ਦੀਆਂ ਮੁਸ਼ਕਲਾਂ ਹੱਲ ਕਰਨ ਸਰਕਾਰਾਂ- ਐਡਵੋਕੇਟ ਧਾਮੀ



ਆਵਾਜ਼ਿ ਕੌਮ AWAZE QAUM International Newspaper & WEB TV

**ਨਵੀਂ ਦਿੱਲੀ, 1 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕੈਨੇਡਾ ਅੰਦਰ ਭਾਰਤ ਅਤੇ ਖ਼ਾਸਕਰ ਪੰਜਾਬ ਦੇ ਵਿਦਿਆਰਥੀਆਂ ਨੂੰ ਦਰਪੇਸ਼ ਮੁਸ਼ਕਲਾਂ ਦੇ ਹੱਲ ਵਾਸਤੇ ਭਾਰਤ ਦੇ ਵਿਦੇਸ਼ ਮੰਤਰਾਲੇ ਦੇ ਨਾਲ ਕੈਨੇਡਾ ਸਰਕਾਰ ਅਤੇ ਉੱਥੇ ਦੇ ਸਿੱਖ ਆਗੂਆਂ ਨੂੰ ਅਪੀਲ ਕੀਤੀ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕੈਨੇਡਾ ਦੇ ਬਰੈਂਪਟਨ ਸ਼ਹਿਰ ਵਿੱਚ ਭਾਰਤੀ ਵਿਦਿਆਰਥੀਆਂ ਵੱਲੋਂ ਕੀਤੇ ਗਏ ਰੋਸ ਪ੍ਰਦਰਸ਼ਨ ਦੀ ਸੋਸ਼ਲ ਮੀਡੀਆ 'ਤੇ ਵਾਇਰਲ ਹੋਈ ਇੱਕ ਵੀਡੀਓ ਦਾ ਨੋਟਿਸ ਲੈਂਦਿਆਂ ਕਿਹਾ ਕਿ ਕੈਨੇਡਾ ਦੀ ਸਰਕਾਰ ਵੱਲੋਂ ਇੱਕ ਪਾਸੇ ਵੱਡੀ ਗਿਣਤੀ ਵਿੱਚ ਅੰਤਰਰਾਸ਼ਟਰੀ ਵਿਦਿਆਰਥੀਆਂ ਦੀ ਆਮਦ ਨੂੰ ਖੁੱਲ੍ਹ ਦਿੱਤੀ ਹੋਈ ਹੈ ਜਦਕਿ ਦੂਜੇ ਪਾਸੇ ਵਿਦਿਆਰਥੀਆਂ ਨੂੰ ਆਪਣੀਆਂ ਸਮੱਸਿਆਵਾਂ ਦੇ ਹੱਲ ਲਈ ਸੜਕਾਂ 'ਤੇ ਉਤਰਨਾ ਪੈ ਰਿਹਾ ਹੈ। ਉਨ੍ਹਾਂ ਇਸ ਸੰਜੀਦਾ ਮਾਮਲੇ 'ਤੇ ਭਾਰਤ ਦੇ ਵਿਦੇਸ਼ ਮੰਤਰੀ ਡਾ. ਐੱਸ ਜੈਸ਼ੰਕਰ ਸਮੇਤ ਕੈਨੇਡਾ ਦੇ ਪ੍ਰਧਾਨ ਮੰਤਰੀ ਸ੍ਰੀ ਜਸਟਿਨ ਟਰੂਡੋ ਅਤੇ ਉੱਥੋਂ ਦੇ ਸਿੱਖ ਆਗੂਆਂ ਤੇ ਗੁਰਦੁਆਰਾ ਕਮੇਟੀਆਂ ਨੂੰ ਦਖਲ ਦੇਣ ਲਈ ਕਿਹਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਆਖਿਆ ਕਿ ਕੈਨੇਡਾ ਅੰਦਰ ਅੰਤਰਰਾਸ਼ਟਰੀ ਵਿਦਿਆਰਥੀ ਆਪਣੇ ਦੇਸ਼ ਅਤੇ ਮਾਪਿਆਂ ਤੋਂ ਹਜ਼ਾਰਾਂ ਮੀਲ ਦੀ ਦੂਰੀ 'ਤੇ ਬੈਠੇ ਹੋਏ ਹਨ, ਜਿਨ੍ਹਾਂ ਦੇ ਜੀਵਨ ਸਰੋਕਾਰਾਂ ਨੂੰ ਸਮਝਣਾ ਅਤੇ ਸਮੱਸਿਆਵਾਂ ਦਾ ਹੱਲ ਕਰਨਾ ਸਰਕਾਰਾਂ ਦੀ ਜਿੰਮੇਵਾਰੀ ਹੈ। ਉਨ੍ਹਾਂ ਭਾਰਤ ਦੇ ਵਿਦੇਸ਼ ਮੰਤਰੀ ਨੂੰ ਇੱਸ ਵਿੱਚ ਨਿਜੀ ਦਿਲਚਸਪੀ ਨਾਲ ਦਖਲ ਦੇਣ ਦੀ ਮੰਗ ਕਰਦਿਆਂ ਕਿਹਾ ਕਿ ਉਹ ਕੈਨੇਡਾ ਦੀ ਸਰਕਾਰ ਨਾਲ ਗੱਲ ਕਰਕੇ ਭਾਰਤੀ ਵਿਦਿਆਰਥੀਆਂ ਨੂੰ ਆ ਰਹੀਆਂ ਮੁਸ਼ਕਲਾਂ ਦਾ ਹੱਲ ਕਰਵਾਉਣ ਦੀ ਪਹਿਲਕਦਮੀ ਕਰਨ। ਐਡਵੋਕੇਟ ਧਾਮੀ ਨੇ ਕਿਹਾ ਕਿ ਕੈਨੇਡਾ ਅੰਦਰ ਵੱਡੀ ਗਿਣਤੀ ਵਿੱਚ ਸਿੱਖ ਸਰਕਾਰ ਅਤੇ ਪ੍ਰਸ਼ਾਸਨਿਕ ਆਹੁਦਿਆਂ 'ਤੇ ਕਾਰਜਸ਼ੀਲ ਹਨ, ਜਿਨ੍ਹਾਂ ਦਾ ਫ਼ਰਜ਼ ਬਣਦਾ ਹੈ ਕਿ ਉਹ ਆਪਣੇ ਭਾਈਚਾਰੇ ਦੇ ਵਿਦਿਆਰਥੀ ਬੱਚਿਆਂ ਦੇ ਦੁਖ ਸਣਨ ਤੇ ਹੱਲ ਲਈ ਸਰਕਾਰ ਨਾਲ ਰਾਬਤਾ ਬਣਾਉਣ। ਉਨ੍ਹਾਂ ਖਾਸ ਤੌਰ 'ਤੇ ਕੈਨੇਡਾ ਦੇ ਸਿੱਖ ਸਾਂਸਦ ਸ. ਹਰਜੀਤ ਸਿੰਘ ਸੱਜਣ, ਸ. ਜਗਮੀਤ ਸਿੰਘ, ਬਰੈਂਪਟਨ ਦੇ ਡਿਪਟੀ ਮੇਅਰ ਸ. ਹਰਕੀਰਤ ਸਿੰਘ ਸਮੇਤ ਹੋਰ ਸਿੱਖ ਆਗੂਆਂ ਨੂੰ ਕਿਹਾ ਕਿ ਉਹ ਇਸ ਦਾ ਨੋਟਿਸ ਲੈਣ ਤਾਂ ਜੋ ਚਿੰਤਾਵਾਂ ਵਿੱਚ ਘਿਰੇ ਕੈਨੇਡਾ ਅੰਦਰ ਭਾਰਤ ਤੇ ਖਾਸਕਰ ਪੰਜਾਬ ਦੇ ਵਿਦਿਆਰਥੀਆਂ ਨੂੰ ਧਰਵਾਸ ਮਿਲ ਸਕੇ।

## ਮੁੱਖ ਮੰਤਰੀ ਪੰਜਾਬ ਪਹਿਲ ਦੇ ਆਧਾਰ 'ਤੇ ਬੁੱਢੇ ਨਾਲੇ ਵਿਚ ਸੁੱਟੇ ਜਾਣ ਵਾਲੇ ਫੈਕਟਰੀਆਂ ਦੇ ਗੰਦ ਨੂੰ ਰੋਕਣ ਦੀ ਜਿੰਮੇਵਾਰੀ ਨਿਭਾਉਣ : ਮਾਨ

### ਚੱਪੜ ਚਿੱੜੀ ਦੇ ਮਹਾਨ ਅਸਥਾਂਨ ਤੇ ਬਣੇ ਹਵਾਈ ਅੱਡੇ ਦਾ ਨਾਮ 'ਬਾਬਾ ਬੰਦਾ ਸਿੰਘ ਬਹਾਦਰ' ਦੇ ਨਾਮ ਤੇ ਹੀ ਹੋਣਾ ਚਾਹੀਦੈ



**ਨਵੀਂ ਦਿੱਲੀ, 1 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):**- "ਸ. ਭਗਵੰਤ ਸਿੰਘ ਮਾਨ ਦੀ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਨੂੰ ਹੋਂਦ ਵਿਚ ਆਇਆ ਢਾਈ ਸਾਲ ਦਾ ਸਮਾਂ ਬੀਤ ਚੁੱਕਿਆ ਹੈ। ਲੇਕਿਨ ਪੰਜਾਬੀਆਂ ਦੇ ਅਹਿਮ ਗੰਭੀਰ ਮਸਲੇ ਜਿਊ ਦੇ ਤਿਊ ਖੜ੍ਹੇ ਹਨ। ਕਿਸੇ ਵੀ ਮਸਲੇ ਨੂੰ ਸੰਜ਼ੀਦਗੀ ਨਾਲ ਹੱਲ ਕਰਨ ਅਤੇ ਪੰਜਾਬੀਆਂ ਦੇ ਮਨ ਵਿਚ ਉੱਠੇ ਰੋਹ ਨੂੰ ਸ਼ਾਂਤ ਕਰਨ ਲਈ ਅਜੇ ਤੱਕ ਨਾ ਤਾਂ ਕੋਈ ਅਮਲ ਹੋਇਆ ਹੈ, ਨਾ ਬੇਰੁਜਗਾਰੀ ਦੂਰ ਕਰਨ ਵਿਚ ਕੋਈ ਪਾਲਸੀ ਬਣਾਈ ਗਈ ਹੈ, ਨਾ ਮੁਲਾਜਮਾਂ, ਖੇਤ ਮਜਦੂਰਾਂ, ਕਿਸਾਨਾਂ, ਦਿਹਾੜੀਦਾਰਾਂ, ਵਿਦਿਆਰਥੀਆਂ ਦੀਆਂ ਦਰਪੇਸ ਮੁਸ਼ਿਕਲਾਂ ਦੇ ਹੱਲ ਲਈ ਕੋਈ ਅਸਰਦਾਇਕ ਯੋਜਨਾ ਬਣਾਈ ਗਈ ਹੈ। ਜਿਸ ਕਾਰਨ ਪੰਜਾਬੀਆਂ ਤੇ ਸਿੱਖ ਕੌਮ ਵਿਚ ਪੰਜਾਬ ਸਰਕਾਰ ਵਿਰੁੱਧ ਇਕ ਵੱਡਾ ਰੋਹ ਹੈ। ਹੁਣ ਜਦੋ ਸ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਆਪਣੇ ਸਰੀਰਕ ਇਲਾਜ ਉਪਰੰਤ ਸਿਹਤਯਾਬ ਹੋ ਕੇ ਆਏ ਹਨ। ਹੁਣ ਉਨ੍ਹਾਂ ਨੂੰ ਆਪਣੀ ਸਥਿਤੀ ਨੂੰ ਪੰਜਾਬੀਆਂ ਵਿਚ ਸਹੀ ਕਰਨ ਹਿੱਤ ਸਭ ਤੋ ਪਹਿਲੇ ਲੁਧਿਆਣੇ ਦੇ ਬੁੱਢੇ ਨਾਲੇ ਵਿਚ ਫੈਕਟਰੀਆਂ ਵੱਲੋ ਸੁੱਟੇ ਜਾ ਰਹੇ ਗੰਦੇ ਪਾਣੀ ਦੀ ਬਦੌਲਤ ਫੈਲ ਰਹੀਆ ਖ਼ਤਰਨਾਕ ਬਿਮਾਰੀਆਂ ਦੀ ਰੋਕਥਾਮ ਲਈ ਇਨ੍ਹਾਂ ਫੈਕਟਰੀਆਂ ਵਿਚ ਟਰੀਟਮੈਂਟ ਪਲਾਂਟ ਲਗਵਾਕੇ ਫਿਰ ਪਾਣੀ ਦੀ ਸਪਲਾਈ ਜਾਰੀ ਕਰਨੀ ਚਾਹੀਦੀ ਹੈ। ਦੂਸਰਾ ਜੋ ਚੱਪੜ ਚਿੱੜੀ ਦੇ ਮਹਾਨ ਇਤਿਹਾਸਿਕ ਸਥਾਂਨ ਵਿਖੇ ਅੰਤਰਰਾਸਟਰੀ ਹਵਾਈ ਅੱਡਾ ਬਣਿਆ ਹੈ, ਜਿਸਦਾ ਨਾਮ ਸ. ਭਗਤ ਸਿੰਘ ਦੇ ਨਾਮ ਤੇ ਰੱਖਵਾਇਆ ਗਿਆ ਹੈ, ਇਹ ਉਸ ਸਥਾਂਨ ਦੇ ਇਤਿਹਾਸ ਨੂੰ ਨਜਰਅੰਦਾਜ ਕਰਨ ਦੀ ਕਾਰਵਾਈ ਕੀਤੀ ਗਈ ਹੈ। ਇਸ ਲਈ ਜੇਕਰ ਇਸ ਹਵਾਈ ਅੱਡੇ ਦਾ ਨਾਮ ਵੀ ਬਾਬਾ ਬੰਦਾ ਸਿੰਘ ਬਹਾਦਰ ਦੇ ਨਾਮ ਤੇ ਤਬਦੀਲ ਕਰਨ ਦੀ ਜਿੰਮੇਵਾਰੀ ਨਿਭਾਈ ਜਾਵੇ ਤਾਂ ਪੰਜਾਬ ਸਰਕਾਰ ਤੇ ਸ. ਭਗਵੰਤ ਸਿੰਘ ਮਾਨ ਦੀ ਸਖਸ਼ੀਅਤ ਉਤੇ ਉੱਠਣ ਵਾਲੇ ਪ੍ਰਸ਼ਨਾਂ ਨੂੰ ਰੋਕਿਆ ਜਾ ਸਕਦਾ ਹੈ।" ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਸ. ਭਗਵੰਤ ਸਿੰਘ ਮਾਨ ਨੂੰ ਆਪਣੇ ਵੱਲੋ ਲਿਖੇ ਇਕ ਪੱਤਰ ਵਿਚ ਦੋਵੇ ਮੁੱਦਿਆ ਉਤੇ ਸਹੀ ਦਿਸ਼ਾ ਵੱਲ ਅਮਲ ਕਰਨ ਦੀ ਜੋਰਦਾਰ ਗੁਜਾਰਿਸ ਕਰਦੇ ਹੋਏ ਅਤੇ ਪੰਜਾਬ ਦੇ ਮਹਾਨ ਇਤਿਹਾਸ ਨੂੰ ਉਜਾਗਰ ਕਰਨ ਦੀ ਜਿੰਮੇਵਾਰੀ ਪੂਰਨ ਕਰਨ ਦੀ ਗੱਲ ਕਰਦੇ ਹੋਏ ਪ੍ਰਗਟ ਕੀਤੇ। ਉਨ੍ਹਾਂ ਉਮੀਦ ਪ੍ਰਗਟ ਕੀਤੀ ਸ. ਭਗਵੰਤ ਸਿੰਘ ਮਾਨ ਆਪਣੀ ਪੰਜਾਬ ਸਰਕਾਰ ਅਤੇ ਆਪਣੀ ਸਥਿਤੀ ਪੰਜਾਬੀਆਂ ਵਿਚ ਡਾਵਾਡੋਲ ਹੁੰਦੀ ਨੂੰ ਸਹੀ ਕਰਨ ਲਈ ਉਪਰੋਕਤ ਦੋਵੇ ਮੁੱਦੇ ਪਹਿਲੇ ਦੇ ਆਧਾਰ ਤੇ ਹੱਲ ਕਰਨਗੇ।

ਆਵਾਜ਼ਿ ਕੌਮ AWAZE QAUM International Newspaper & WEB TV

## ਵਿਕਰਮਜੀਤ ਸਿੰਘ ਸਾਹਨੀ ਵਣਜ ਬਾਰੇ ਸੰਸਦੀ ਕਮੇਟੀ ਦੇ ਮੈਂਬਰ ਵਜੋਂ ਦੁਬਾਰਾ ਹੋਏ ਨਾਮਜ਼ਦ



**ਨਵੀਂ ਦਿੱਲੀ, 1 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):**-ਸੰਸਦ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਨੂੰ ਵਣਜ ਬਾਰੇ ਸੰਸਦੀ ਸਥਾਈ ਕਮੇਟੀ ਲਈ ਦੁਬਾਰਾ ਨਾਮਜ਼ਦ ਕੀਤਾ ਗਿਆ ਹੈ, ਜੋ ਕਿ ਵਪਾਰ ਅਤੇ ਉਦਯੋਗ, ਖਾਸ ਕਰਕੇ ਪੰਜਾਬ ਦੇ ਹਿੱਤਾਂ ਦੇ ਸਬੰਧ ਵਿੱਚ ਵਕਾਲਤ ਕਰਨ ਦੇ ਲਗਾਤਾਰ ਯਤਨਾਂ 'ਤੇ ਜ਼ੋਰ ਦੇਣ ਵਜੋ ਹੋਇਆ ਹੈ। ਡਾ: ਸਾਹਨੀ ਸੰਸਦ ਅਤੇ ਬਾਹਰ ਦੋਵਾਂ ਵਿੱਚ ਇੱਕ ਸਰਗਰਮ ਅਵਾਜ਼ ਬਣੇ ਰਹੇ ਹਨ ਜਿੱਥੇ ਉਹਨਾਂ ਨੇ ਰਾਸ਼ਟਰੀ ਅਤੇ ਖੇਤਰੀ ਵਪਾਰ ਮੁੱਦਿਆਂ 'ਤੇ ਲਗਾਤਾਰ ਮਹੱਤਵਪੂਰਨ ਚਿੰਤਾਵਾਂ ਉਠਾਈਆਂ ਹਨ। ਡਾ: ਸਾਹਨੀ ਪੰਜਾਬ ਦੇ ਉਦਯੋਗਿਕ ਵਿਕਾਸ ਲਈ 1200 ਏਕੜ ਰਾਜਪੁਰਾ ਇੰਡਸਟਰੀਅਲ ਕੋਰੀਡੋਰ ਨੂੰ ਸਫਲਤਾਪੂਰਵਕ ਮਨਜ਼ੂਰੀ ਦੁਆਈ ਹੈ ਅਤੇ ਨਾਲ ਹੀ ਮੋਹਾਲੀ ਵਿਖੇ ਸੈਮੀ-ਕੰਡਕਟਰ ਸੁਵਿਧਾ ਨੂੰ ਅਪਗ੍ਰੇਡ ਕਰਨ ਲਈ 10,000 ਕਰੋੜ ਰੁਪਏ ਮਨਜੂਰ ਕਰਵਾ ਕਿ ਮਹੱਤਵਪੂਰਨ ਕਾਰਜ ਕੀਤਾ ਹੈ। ਉਹਨਾ ਨੇ ਪੰਜਾਬ ਦੇ ਉਦਯੋਗਿਕ ਵਿਕਾਸ ਨੂੰ ਸਮਰਥਨ ਦੇਣ ਲਈ ਸਾਈਕਲ, ਖਿਡੌਣੇ ਅਤੇ ਚਮੜਾ ਉਦਯੋਗਾਂ ਲਈ ਪ੍ਰੋਡਕਸ਼ਨ ਲਿੰਕਡ ਇਨਸੈਂਟਿਵ (ਪੀ.ਐਲ.ਆਈ.) ਸਕੀਮ ਦੇ ਵਿਸਤਾਰ ਵਰਗੇ ਅਹਿਮ ਮੁੱਦੇ ਵੀ ਉਠਾਏ ਹਨ। ਡਾ: ਸਾਹਨੀ ਨੇ ਬ੍ਰਿਕਸ ਅਤੇ ਸਾਰਕ ਵਰਗੇ ਅੰਤਰਰਾਸ਼ਟਰੀ ਮੰਚਾਂ 'ਤੇ ਭਾਰਤ ਦੀ ਪ੍ਰਤੀਨਿਧਤਾ ਕੀਤੀ ਹੈ। ਉਹਨਾ ਨੇ ਆਈਸੀਸੀ ਚੈਂਬਰ ਆਫ਼ ਕਾਮਰਸ, ਪੈਰਿਸ-ਇੰਡੀਆ ਚੈਪਟਰ ਦੇ ਚੇਅਰ ਵਜੋਂ ਅਤੇ ਵਣਜ ਮੰਤਰਾਲੇ ਲਈ ਇੱਕ ਪ੍ਰਮੁੱਖ ਸਲਾਹਕਾਰ ਸੰਸਥਾ, ਵਪਾਰ ਬੋਰਡ ਦੇ ਇੱਕ ਸਰਗਰਮ ਮੈਂਬਰ ਵਜੋਂ ਵੀ ਸੇਵਾ ਨਿਭਾਈ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ਪੈਸਿਆਂ ਦੀ ਬੋਲੀ ਲਗਾ ਕੇ ਸਰਪੰਚੀ ਦੇਣਾ ਜਾਂ ਲੈਣਾ ਦੋਨੇ ਹੀ ਕਲੰਕਿਤ ਕਰਨ ਵਾਲੀਆਂ ਰਵਾਇਤਾਂ : ਤੇਜਬੀਰ ਸਿੰਘ ਸੋਹਲ



**ਚੌਕ ਮਹਿਤਾ, 1 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੈਸਿਆਂ ਦੀ ਬੋਲੀ ਲਗਾ ਕੇ ਸਰਪੰਚੀ ਦੇਣਾ ਜਾਂ ਲੈਣਾ ਦੋਨੋਂ ਹੀ ਸਾਡੇ ਅਮੀਰ ਵਿਰਸੇ ਅਤੇ ਸੱਭਿਆਚਾਰ ਨੂੰ ਕਲੰਕਿਤ ਕਰਨ ਵਾਲੀਆਂ ਰਵਾਇਤਾਂ ਹਨ। ਇਹਨਾ ਸ਼ਬਦਾ ਦਾ ਪ੍ਰਗਟਾਵਾ ਸਮਾਜ ਸੇਵਕ ਸ, ਤੇਜਬੀਰ ਸਿੰਘ ਸੋਹਲ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ ਉਨ੍ਹਾਂ ਕਿਹਾ ਕਿ 7 ਪੰਜ ਬੰਦਿਆਂ ਦੇ ਇਕੱਠ ਨੂੰ 2

ਆਵਾਜ਼ਿ ਕੌਮ AWAZE QAUM International Newspaper & WEB TV

ਪੰਚਾਇਤ ਕਹਿੰਦੇ ਹਨ ਅਤੇ ਪੰਚਾਇਤ ਦਾ ਫੈਸਲਾ 1 ਅਟੱਲ ਗਿਣਿਆ ਜਾਂਦਾ ਹੈ। ਸਾਡੇ ਸਮਾਜ ਵਿੱਚ ਅਕਲਮੰਦ, ਸਿਆਣਾ, ਬੁੱਧੀਜੀਵੀ ਹੋ ਹੋਣਾ ਸਤਿਕਾਰਤ ਸ਼ਬਦ ਹਨ ਅਤੇ ਕਿਸੇ ਹੋ ਚੰਗੇ ਗੁਣਾਂ ਵਾਲੇ ਇਨਸਾਨ 'ਤੇ ਲਾਗੂ ਹੁੰਦੇ ਤ ਹਨ। ਪਿੰਡ ਦਾ ਸਰਪੰਚ ਹੋਣਾ ਮਾਣ ਵਾਲੀ - ਗੱਲ ਹੈ ਪਰ ਸਰਪੰਚੀ ਵਿਕਾਸ ਦੇ ਨਾਂ ਤੇ ਪੈਸਿਆਂ ਦੀ ਬੋਲੀ ਲਗਾਕੇ ਲੈਣਾ ਅਤੇ ਪਿੰਡ ਵਾਲਿਆਂ ਵੱਲੋਂ ਇਸ ਪ੍ਰਥਾ ਨੂੰ ਸਵੀਕਾਰ ਕਰਨਾ ਕਿਸੇ ਵੀ ਸੂਝਵਾਨ ਇਨਸਾਨ ਦੇ ਇਹ ਰਿਵਾਇਤ ਹਜਮ ਨਹੀਂ ਹੋਵੇਗੀ। ਉਹਨਾਂ ਕਿਹਾ ਕਿ ਭਾਰਤੀ ਲੋਕਤੰਤਰ ਦਾ ਆਰੰਭ ਪੰਚਾਇਤੀ ਰਾਜ ਤੋਂ ਹੈ। ਜੇਕਰ ਅਸੀਂ ਇਸ ਨੂੰ ਹੀ ਕਲੰਕਤ ਕਰ ਲਿਆ ਫਿਰ ਵਿਧਾਇਕ ਜਾਂ ਮੈਂਬਰ ਪਾਰਲੀਮੈਂਟ ਲਈ ਵੋਟਾਂ ਪ੍ਰਾਪਤ ਕਰਨ ਲਈ ਨਸ਼ੇ ਅਤੇ ਪੈਸੇ ਵੰਡਣਾ ਵੀ ਜਾਇਜ਼ ਹੈ ਫਿਰ ਤਾਂ ਸਮਾਜ ਵਿੱਚ ਪੈਸੇ ਦਾ ਹੀ ਬੋਲਬਾਲਾ ਹੋਣ ਨੂੰ ਹਾਮੀ ਭਰਨਾ ਹੈ। ਇੱਕ ਪਿੰਡ ਵਿੱਚ ਸਿਆਣਾ, ਬੁੱਧੀਮਾਨ, ਦੂਰਅੰਦੇਸ਼, ਚੰਗੀ ਸੋਚ ਦਾ ਸਤਿਕਾਰ ਆਪਣੇ ਆਪ ਖਤਮ ਕਰਨ ਵਾਲੀ ਗੱਲ ਹੈ। ਚੰਗਾ ਹੋਵੇ ਜੇਕਰ ਚੰਗਾ ਬੰਦਾ ਸਰਬਸੰਮਤੀ ਨਾਲ ਚੁਣਿਆ ਜਾਵੇ। ਪੈਸੇ ਕਰਕੇ ਨਹੀਂ ਸਗੋਂ ਉਸਦੀ ਚੰਗੀ ਸੋਚ ਕਰਕੇ ਚੁਣੀਏ।

### ਗੁਰਦੁਆਰਾ ਭਗਤ ਧੰਨਾ ਜੀ ਪੂਰਨਪੁਰ, ਜ਼ਿਲ੍ਹਾ ਪੀਲੀਭੀਤ (ਉੱਤਰ ਪ੍ਰਦੇਸ਼) ਵਿਖੇ

# 'ਮਹਾਨ ਗੁਰਮਤਿ ਸਮਾਗਮ'







**ਲਖਨਊ, 1 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦੇ ਗੁਰਿਆਈ ਦਿਵਸ, ਸ੍ਰੀ ਗੁਰੂ ਅਮਰਦਾਸ ਸਾਹਿਬ ਜੀ ਦੇ ਜੋਤੀ-ਜੋਤਿ ਦਿਵਸ ਦੀ 450 ਸਾਲਾ ਸ਼ਤਾਬਦੀ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਗੁਰਦੁਆਰਾ ਭਗਤ ਧੰਨਾ ਜੀ ਪੂਰਨਪੁਰ, ਜ਼ਿਲ੍ਹਾ ਪੀਲੀਭੀਤ (ਉੱਤਰ ਪ੍ਰਦੇਸ਼) ਵਿਖੇ 'ਮਹਾਨ ਗੁਰਮਤਿ ਸਮਾਗਮ' ਮਿਤੀ 23/9/2024 ਤੋਂ ਮਿਤੀ 29/9/2024 ਤੱਕ ਕਰਵਾਏ ਗਏ। ਮਿਤੀ 30/9/2024 ਨੂੰ ਅੰਮ੍ਰਿਤ ਸੰਚਾਰ ਕਰਵਾਇਆ ਗਿਆ ਜਿਸ ਵਿਚ 185 ਅਭਿਲਾਖੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਇਹ ਗੁਰਮਤਿ ਸਮਾਗਮ ਅਤੇ ਅੰਮ੍ਰਿਤ ਸੰਚਾਰ ਸਮਾਗਮ ਸਿੱਖ ਪੰਥ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਜਥੇਦਾਰ ਅਜੈਬ ਸਿੰਘ ਅਭਿਆਸੀ ਅਤੇ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਦੇ ਦਿਸ਼ਾ ਨਿਰਦੇਸ਼ ਅਨੁਸਾਰ ਕਰਵਾਏ ਗਏ। ਇਨ੍ਹਾਂ ਸਮਾਗਮਾਂ ਵਿੱਚ ਬਾਬਾ ਬਲਕਾਰ ਸਿੰਘ ਜੀ ਪੰਜ ਗਰਾਈਆਂ ਅਤੇ ਸਮੂਹ ਸੰਗਤ ਦਾ ਵਿਸ਼ੇਸ਼ ਸਹਿਯੋਗ ਰਿਹਾ। ਇਸ ਗੁਰਮਤਿ ਸਮਾਗਮ ਵਿੱਚ ਉਚੇਚੇ ਤੌਰ 'ਤੇ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਜੀ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਕਰਨੈਲ ਸਿੰਘ ਜੀ, ਭਾਈ ਦਲਜੀਤ ਸਿੰਘ ਵਛੋਆ ਦੇ ਢਾਡੀ ਜਥੇ, ਮਹਾਪੁਰਸ਼ਾਂ, ਰਾਗੀ ਜਥਿਆਂ ਅਤੇ ਕਥਾਵਾਚਕਾਂ ਨੇ ਹਾਜ਼ਰੀ ਭਰੀ। ਧਰਮ ਪ੍ਰਚਾਰ ਕਮੇਟੀ ਦੇ ਸਿੱਖ ਮਿਸ਼ਨ ਉਤਰਾਖੰਡ ਵੱਲੋਂ ਸੰਗਤ ਨੂੰ ਧਾਰਮਿਕ ਲਿਟਰੇਚਰ ਭੇਟਾ ਰਹਿਤ ਵੰਡਿਆ ਗਿਆ। ਇਸ ਮੌਕੇ ਸੰਤ ਬਾਬਾ ਬਚਨ ਸਿੰਘ ਕਾਰ ਸੇਵਾ ਦਿੱਲੀ ਵਾਲੇ, ਸਿੱਖ ਮਿਸ਼ਨ ਉਤਰਾਖੰਡ ਦੇ ਇੰਚਾਰਜ ਭਾਈ ਸੁਖਵਿੰਦਰ ਸਿੰਘ ਐਮ.ਏ., ਪ੍ਰਚਾਰਕ ਬਲਜਿੰਦਰ ਸਿੰਘ ਪੰਜੂਰਾਏ, ਭਾਈ ਜਗਦੇਵ ਸਿੰਘ ਗੋਇੰਦਵਾਲ, ਭਾਈ ਜੋਤਸਵਰੂਪ ਸਿੰਘ, ਹਰਪ੍ਰੀਤ ਸਿੰਘ, ਗੁਰਜਿੰਦਰ ਸਿੰਘ ਆਦਿ ਸ਼ਖ਼ਸੀਅਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਲੋਕਤੰਤਰ ਦੀ ਮੁਢਲੀ ਇਕਾਈ ਦਾ ਕਤਲ ਕੀਤਾ ਜਾ ਰਿਹਾ ਹੈ

# ਸਿਧਾਤਾਂ ਨੂੰ ਤਿਲਾਂਜਲੀ ਦੇ ਕੇ ਹੁੰਦੀ ਸਿਆਸਤ ਪ੍ਰਤੀ ਚਿੰਤਾ ਪ੍ਰਗਟਾਈ



**ਚੰਗੀਗੜ੍ਹ, 1 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਅੱਜ ਇੱਥੇ ਪ੍ਰਜੀਡੀਅਮ ਦੀ ਵਿਸ਼ੇਸ਼ ਤੌਰ ਤੇ ਮੀਟਿੰਗ ਹੋਈ ਜਿਸ ਵਿੱਚ ਕਈ ਮੁੱਦੇ ਵਿਚਾਰੇ ਗਏ ਜਿਸ ਪਹਿਲਾ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਅਜਾਦ ਸਕੱਤਰੇਤ ਬਣਾਉਣ ਤੇ ਜਥੇਦਾਰ ਸਹਿਬਾਨ ਦੀ ਨਿਯੁਕਤੀ ਅਤੇ ਸੇਵਾ ਮੁੱਕਤੀ ਬਾਰੇ ਮਤੇ ਬਾਰੇ ਵਿਚਾਰ ਵਿਟਾਦਰਾ ਹੋਇਆ, ਬੀਬੀ ਜੰਗੀਰ ਕੌਰ ਬਾਰੇ ਸ਼ਿਕਾਇਤ ਕਰਤਾ ਸਬੰਧੀ, ਪੰਚਾਇਤੀ ਚੋਣਾਂ ਬਾਰੇ ਅਤੇ ਝੋਨੇ ਦੀ ਖਰੀਦ ਤੇ ਚੁਕਾਈ ਬਾਰੇ ਬਾਰੇ ਡਿਸਕਸ ਕੀਤਾ ਗਿਆ।

ਮੀਟਿੰਗ ਤੋਂ ਬਾਅਦ ਜਾਰੀ ਬਿਆਨ ਵਿੱਚ ਜਥੇਦਾਰ ਗੁਰਪ੍ਰਤਾਪ ਸਿੰਘ ਵਡਾਲਾ ਨੇ ਦੱਸਿਆ ਕਿ ਜੋ ਪਿਛਲੀ ਦਿੱਨੀ ਐਸਜੀਪੀਸੀ ਦੀ ਅੰਤ੍ਰਿੰਗ ਕਮੇਟੀ ਦੀ ਮੀਟਿੰਗ ਵਿੱਚ ਕੁਝ ਅੰਤ੍ਰਿੰਗ ਕਮੇਟੀ ਮੈਂਬਰਾਂ ਵੱਲੋਂ ਸ਼੍ਰੀ ਅਕਾਲ ਤਖਤ ਸਾਹਿਬ ਉੱਪਰੋਂ ਸਿਆਸਤ ਦਾ ਪ੍ਰਛਾਵਾਂ ਹਟਾਉਣ ਲਈ ਅਤੇ ਸਕੱਤਰੇਤ ਦੇ ਲਈ ਫੰਡ ਵੱਖਰੇ ਕਾਇਮ ਕਰਕੇ ਸਦੀਵੀ ਤਖ਼ਤ ਦੀ ਸੁਤੰਤਰਤਾ ਬਹਾਲ ਰੱਖੀ ਜਾਵੇ ਬਾਰੇ ਮਤਾ ਲਿਆਂਦਾ ਸੀ। ਜਿਸ ਵਿੱਚ ਤਖ਼ਤ ਸਹਿਬਾਨਾਂ ਦੇ ਜਥੇਦਾਰ ਸਹਿਬਾਨਾ ਦੀ ਨਿਯੁਕਤੀ ਅਤੇ ਸੇਵਾ ਮੁੱਕਤੀ ਦੇ ਨਿਯਮ ਬਣਾਉਣ ਬਾਰੇ ਮਤੇ ਨੂੰ ਅੱਗੇ ਵਧਾਉਣ ਲਈ ਸਿੱਖ ਸੰਗਤਾਂ ਨੂੰ ਬੇਨਤੀ ਕੀਤੀ ਅਤੇ ਖਾਸਕਰ ਐਸਜੀਪੀਸੀ ਮੈਂਬਰ ਨੂੰ ਅਪੀਲ ਕੀਤੀ ਕਿ ਉਹ ਆਪਣਾ ਬਣਦਾ ਯੋਗਦਾਨ ਪਾ ਕੇ ਇਸ ਮਤੇ ਨੂੰ ਹਰ ਹਾਲਤ ਵਿੱਚ ਪਾਸ ਕਰਵਾਉਣ। ਬੀਬੀ ਜਗੀਰ ਕੌਰ ਜੀ ਦੀ ਸ਼ਿਕਾਇਤ ਦੇ ਸਬੰਧ ਵਿੱਚ ਗੱਲਬਾਤ ਕਰਦਿਆਂ ਸ: ਵਡਾਲਾ ਨੇ ਦੱਸਿਆ ਕਿ ਸਿੱਖੀ ਸਿਧਾਂਤਾਂ ਵਿੱਚ ਨਿੱਜੀ ਤੋਹਮਤਾਂ ਦੀ ਕੋਈ ਥਾਂ ਨਹੀ, ਖਾਸਕਰ ਅਮ੍ਰਿਤਧਾਰੀ ਬੀਬੀ ਜੀ ਦੇ ਸੰਬੰਧ ਵਿੱਚ ਅਜਿਹੀਆਂ ਟਿੱਪਣੀਆਂ ਦੇਣੀਆਂ ਬਿਲਕੁਲ ਹੀ ਸਿਆਸਤ ਤੋਂ ਪ੍ਰੇਰਿਤ ਹਨ ਜਿਸ ਦੀ ਸਖਤ ਸ਼ਬਦਾਂ ਚ ਨਿੰਦਾ ਕਰਦੇ ਹਾਂ। ਕਿਉਂਕਿ ਜੇਕਰ ਅਜਿਹੇ ਮਸਲੇ ਦੀਆਂ ਸਿਕਾਇਤਾਂ ਵਿਚਾਰਨ ਲੱਗੀਆਂ ਤਾਂ ਬੜੀ ਗਲਤ ਪਿਰਤ ਪੈ ਜਾਵੇਗੀ ਜੋ ਸਾਡੇ ਸਿਧਾਂਤ ਨਹੀ ਹਨ।

ਪੰਚਾਇਤੀ ਚੋਣਾਂ ਦੇ ਸੰਬੰਧ ਵਿੱਚ ਬੋਲਦਿਆਂ ਜਥੇ: ਵਡਾਲਾ ਨੇ ਦੱਸਿਆ ਕਿ ਬਹੁਤੇ ਦਫਤਰਾਂ ਦੇ ਵਿੱਚ ਵੋਟਰ ਲਿਸਟਾਂ ਉਪਲਪਧ ਨਹੀਂ ਹਨ, ਜੋ ਵੋਟਰ ਲਿਸਟਾਂ ਹਨ ਉਹਨਾਂ ਵਿੱਚ ਬਹੁੱਤ ਵੱਡੀ ਗਿਣਤੀ ਵਿੱਚ ਪਾਰਟੀ ਬਾਜ਼ੀ ਕਰਕੇ ਵੋਟਾਂ ਨਹੀਂ ਬਣੀਆਂ ਹਨ, ਭਾਵੇਂ ਐਨਓਸੀ ਖਤਮ ਕਰਕੇ ਐਫੀਡੇਵਿਟ ਦੇਣ ਦੀ ਗੱਲ ਕੀਤੀ ਹੈ ਪਰ ਹਰ ਕੋਈ ਚਾਹੁੰਦਾ ਹੈ ਕਿ ਜੇ ਕੋਈ ਬਕਾਇਆ ਤਾਂ ਭਰਿਆ ਜਾਵੇ ਪਰ ਐਨਓਸੀ ਦੇਣ ਲਈ ਵੀ ਮੌਕੇ ਤੇ ਅਫਸਰ ਉਪਲਬਧ ਨਹੀਂ ਹੁੰਦੇ, ਇਸੇ ਤਰ੍ਹਾਂ ਵਾਰਡਬੰਦੀ ਦੇ ਵੱਡੇ ਰੌਲੇ ਹਨ ਇਸੇ ਤਰ੍ਹਾਂ ਸਰਕਾਰ ਦੇ ਨੁਮਾਇੰਦਿਆਂ ਵੱਲੋਂ ਧੱਕੇਸ਼ਾਹੀ ਦੇ ਰੌਲੇ ਹਨ ਤੇ ਖਾਸਕਰਕੇ ਨੋਮੀਨੇਸਨ ਭਰਨ ਲਈ ਸਮਾਂ ਬਹੁੱਤ ਘੱਟ ਮਿਲਿਆ ਹੈ ਤੇ ਫਾਰਮੈਲਟੀਆਂ ਜਿਆਦਾ ਹਨ। ਜਿਸ ਕਰਕੇ ਲੋਕ ਬੜੇ ਭੰਬਲ-ਭੂਸੇ ਚ ਹਨ।

ਝੋਨੇ ਦੇ ਸੀਜਨ ਬਾਰੇ ਤੇ ਖਰੀਦ ਬਾਰੇ ਚਿੰਤਾਂ ਜ਼ਾਹਰ ਕਰਦਿਆਂ ਸ: ਵਡਾਲਾ ਨੇ ਕਿਹਾ ਕਿ ਸ਼ੈਲਰਾਂ ਵਾਲਿਆਂ ਦੇ ਵੱਡੇ ਮਸਲੇ ਹਨ ਜਾਂ ਆੜਤੀਆਂ ਦੇ ਵੀ ਵੱਡੇ ਮਸਲੇ ਹਨ, ਲੇਬਰ ਦੇ ਮਸਲੇ ਹਨ, ਕੇਦਰ ਨਾਲ ਗੱਲ ਕਰਕੇ ਗਡਾਉਣ ਖਾਲੀ ਕਰਵਾਉਣ ਦੀ ਗੱਲ ਹੋਵੇ ਇਹਨਾਂ ਸਾਰੀਆਂ ਗੱਲਾਂ ਤੇ ਸਰਕਾਰ ਨੂੰ ਪਹਿਰਾ ਦੇਕੇ ਫ਼ਸਲ ਨੂੰ ਸਾਂਭਣ ਦੇ ਪ੍ਰਬੰਧ ਕਰਨੇ ਚਾਹੀਦੇ ਹਨ। ਬਾਸਮਤੀ ਦੇ ਰੇਟਾਂ ਵਿੱਚ ਆਈ ਗਿਰਾਵਟ ਕਰਕੇ ਕਿਸਾਨਾਂ ਦੀ ਆਮਦਨ ਦੀ ਭਰਵਾਈ ਕੇਂਦਰ ਅਤੇ ਪੰਜਾਬ ਸਰਕਾਰ ਕਰੇ।

**ਬਾਸਮਤੀ ਦੇ ਘਟੇ ਰੇਟਾਂ ਦੀ ਭਰਪਾਈ ਕੇਦਰ ਤੇ ਸੂਬਾ ਸਰਕਾਰ ਕਰੇ :- ਜਥੇਦਾਰ ਵਡਾਲਾ**

ਆਵਾਜ਼ਿ ਕੌਮ AWAZE QAUM International Newspaper & WEB TV

# ਰੋਟਰੀ ਕਲੱਬ ਅੰਮ੍ਰਿਤਸਰ ਕੈਂਟ ਵਲੋਂ ਮਨਾਇਆ ਅਧਿਆਪਕ ਦਿਵਸ





**ਚੌਕ ਮਹਿਤਾ, 1 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਰੋਟਰੀ ਕਲੱਬ ਅੰਮ੍ਰਿਤਸਰ ਕੈਂਟ ਵੱਲੋਂ ਪ੍ਰਧਾਨ ਆਰ.ਟੀ.ਐਨ.ਡਾ. ਅਮਰਜੀਤ ਸਿੰਘ ਸਚਦੇਵਾ ਅਤੇ ਸਕੱਤਰ ਆਰ.ਟੀ.ਐਨ. ਪ੍ਰਭਜੋਤ ਕੌਰ ਦੀ ਅਗਵਾਈ ਹੇਠ ਵੱਖ-ਵੱਖ ਖੇਤਰਾਂ ਵਿੱਚ ਨਾਮਣਾ ਖੱਟਣ ਵਾਲੇ ਅਧਿਆਪਕਾਂ ਦਾ ਸਨਮਾਨ ਕਰਕੇ ਅਧਿਆਪਕ ਦਿਵਸ ਬੜੇ ਹੀ ਉਤਸ਼ਾਹ ਨਾਲ ਮਨਾਇਆ ਗਿਆ ਇਸ ਸਮਾਗਮ ਨੇ ਸਮਾਜ ਨੂੰ ਘੜਨ ਅਤੇ ਭਵਿੱਖੀ ਪੀੜ੍ਹੀ ਨੂੰ ਉਭਾਰਨ ਵਿੱਚ ਸਿੱਖਿਅਕਾਂ ਦੇ ਮਹੱਤਵਪੂਰਨ ਯੋਗਦਾਨ ਨੂੰ ਮਾਨਤਾ ਦਿੱਤੀ ਇਸ ਸਮਾਗਮ ਵਿੱਚ ਡਾ: ਮ੍ਰਿਦੁਲਾ ਮਹਾਜਨ, ਡਾ: ਜਤਿੰਦਰ ਸਿੰਘ, ਡਾ: ਦਰਸ਼ਨ ਸੋਹੀ, ਡਾ: ਅਸ਼ਵਨੀ ਸਰੀਨ, ਡਾ: ਸੰਦੀਪ, ਸ਼੍ਰੀਮਤੀ ਸੋਨੀਆ ਸ਼ਰਮਾ, ਡਾ: ਪਰਮਿੰਦਰ ਹੁੰਦਲ ਅਤੇ ਸ਼੍ਰੀਮਤੀ ਸੋਨੀਆ ਸਹਿਦੇਵ ਸਮੇਤ ਪ੍ਰਸਿੱਧ ਸਿੱਖਿਆਰਥੀਆਂ ਦਾ ਸਨਮਾਨ ਕੀਤਾ ਗਿਆ। ਇਹਨਾਂ ਵਿੱਚੋਂ ਹਰ ਇੱਕ ਸਨਮਾਨਯੋਗ ਵਿਅਕਤੀ ਨੂੰ ਉਹਨਾਂ ਦੇ ਆਪਣੇ ਖੇਤਰਾਂ ਵਿੱਚ ਉੱਤਮਤਾ ਅਤੇ ਸਮਰਪਣ ਨੂੰ ਮਾਨਤਾ ਦਿੰਦੇ ਹੋਏ ਪੁਰਸਕਾਰਾਂ ਨਾਲ ਸਨਮਾਨਿਤ ਕੀਤਾ ਗਿਆ ਇਸ ਮੌਕੇ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਡਾ: ਸੰਤੋਖ ਸਿੰਘ ਨੇ ਸਮਾਜ ਦੀ ਉਸਾਰੀ ਵਿੱਚ ਅਧਿਆਪਕਾਂ ਦੀ ਭੂਮਿਕਾ ਪ੍ਰਤੀ ਡੂੰਘੇ ਸਤਿਕਾਰ ਦਾ ਪ੍ਰਗਟਾਵਾ ਕੀਤਾ ਆਪਣੇ ਸੰਬੋਧਨ ਵਿੱਚ ਉਨ੍ਹਾਂ ਨੇ ਸਿੱਖਿਅਕਾਂ ਦੀ ਮਿਹਨਤ ਅਤੇ ਨਿਰਸਵਾਰਥ ਯੋਗਦਾਨ ਨੂੰ ਸਵੀਕਾਰ ਕਰਨ ਅਤੇ ਸ਼ਲਾਘਾ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ ਸਨਮਾਨਿਤ ਅਧਿਆਪਕਾਂ ਵਿੱਚੋਂ ਹਰੇਕ ਨੇ ਆਪਣੇ ਤਜ਼ਰਬੇ ਸਾਂਝੇ ਕੀਤੇ, ਆਪਣੇ ਵਿਭਿੰਨ ਖੇਤਰਾਂ ਵਿੱਚ ਸਮਝ ਪ੍ਰਦਾਨ ਕੀਤੀ ਅਤੇ ਆਪਣੇ ਪੇਸ਼ੇ ਦੀਆਂ ਚੁਣੌਤੀਆਂ ਅਤੇ ਇਨਾਮਾਂ ਬਾਰੇ ਚਰਚਾ ਕੀਤੀ। ਉਨ੍ਹਾਂ ਦੀਆਂ ਕਹਾਣੀਆਂ ਅਧਿਆਪਕਾਂ ਦੇ ਵਿਅਕਤੀਗਤ ਜੀਵਨ ਅਤੇ ਸਮੁੱਚੇ ਤੌਰ 'ਤੇ ਸਮਾਜ ਦੋਵਾਂ 'ਤੇ ਡੂੰਘੇ ਪ੍ਰਭਾਵ ਦਾ ਪ੍ਰਮਾਣ ਸਨ।

ਇਸ ਸਮਾਗਮ ਦੀ ਖਾਸ ਗੱਲ ਇਹ ਸੀ ਕਿ ਤਿੰਨ ਨਵੇਂ ਮੈਂਬਰ ਡਾ: ਦਰਸ਼ਨ ਸੋਹੀ, ਸ਼੍ਰੀਮਤੀ ਵੰਦਨਾ ਅਤੇ ਸ਼੍ਰੀਮਤੀ ਸੋਨੀਆ ਸਹਿਦੇਵ ਨੂੰ ਸ਼ਾਮਲ ਕੀਤਾ ਗਿਆ ਇਸ ਮੌਕੇ ਜ਼ੋਨਲ ਚੇਅਰਮੈਨ ਐਚ.ਐਸ.ਜੋਗੀ, ਅਸਿਸਟੈਂਟ ਗਵਰਨਰ ਆਰ.ਟੀ.ਐਨ ਡਾ.ਸ਼ਾਲੂ ਅਗਰਵਾਲ, ਆਰ.ਟੀ.ਐਨ.ਡਾ. ਜੇ.ਐਸ. ਗੁੰਬਰ, ਆਰ.ਟੀ.ਐਨ.ਡਾ. ਬੇਰੀ, ਆਰ.ਟੀ.ਐਨ.ਡਾ. ਰਾਜੇਸ਼ ਕਪਿਲਾ, ਆਰ ਹਾਜ਼ਰ ਸਨ ਇਸ ਮੌਕੇ ਰੋਟਰੀ ਕਲੱਬ ਦੇ ਮੈਂਬਰਾਂ ਨੂੰ ਕੀਤਾ ਗਿਆ ਇਹ ਦਿਨ ਸਮਾਜ ਵਿੱਚ ਅਧਿਆਪਕਾਂ ਦੀ ਅਹਿਮ ਭੂਮਿਕਾ ਅਤੇ ਉਨ੍ਹਾਂ ਦੇ ਯੋਗਦਾਨ ਨੂੰ ਮਨਾਉਣ ਦੀ ਮਹੱਤਤਾ ਦੀ ਯਾਦ ਦਿਵਾਉਂਦਾ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

# ਹਲਕਾ ਇੰਚਾਰਜ ਰਵਿੰਦਰ ਸਿੰਘ ਬ੍ਰਹਮਪੁਰਾ ਵੱਲੋਂ ਗ੍ਰਾਮ ਪੰਚਾਇਤ ਦੀਆਂ ਚੋਣਾਂ ਸੰਬੰਧੀ ਪਿੰਡ ਚੰਬਾ ਕਲਾਂ ਅਤੇ ਚੰਬਾ ਹਵੇਲੀਆਂ ਦੇ ਮੈਂਬਰ ਪੰਚਾਇਤਾਂ ਅਤੇ ਸਰਪੰਚਾਂ ਨਾਲ ਕੀਤੀ ਮੀਟਿੰਗ

## ਅਕਾਲੀ ਵਰਕਰਾਂ ਨੂੰ ਬਿਨਾਂ ਕਿਸੇ ਦਬਾਅ ਅਤੇ ਡਰ ਤੋਂ ਪੰਚਾਇਤੀ ਚੋਣਾਂ ਲਈ ਨਾਮਜ਼ਾਦੀਆਂ ਦਾਖਲ ਕਰਾਉਣ ਲਈ ਕਿਹਾ

**ਤਰਨ ਤਾਰਨ, 1 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਰਾਜ ਵਿੱਚ ਹੋਣ ਵਾਲੀਆਂ ਅਹਿਮ ਗ੍ਰਾਮ ਪੰਚਾਇਤ ਦੀਆਂ ਚੋਣਾਂ ਦੇ ਸੰਬੰਧੀ ਵਿਧਾਨ ਸਭਾ ਹਲਕਾ ਖਡੂਰ ਸਾਹਿਬ ਤੋਂ ਸਾਬਕਾ ਵਿਧਾਇਕ ਅਤੇ ਹਲਕਾ ਇੰਚਾਰਜ ਰਵਿੰਦਰ ਸਿੰਘ ਬ੍ਰਹਮਪੁਰਾ ਵੱਲੋਂ ਆਪਣੇ ਹਲਕੇ ਦੇ ਅਧੀਨ ਆਉਂਦੇ ਪਿੰਡਾਂ ਵਿੱਚ ਅਕਾਲੀ ਦਲ ਦੇ ਆਗੂਆਂ, ਸਰਕਲ ਪ੍ਰਧਾਨਾਂ ਅਤੇ ਅਕਾਲੀ ਦਲ ਦੇ ਵਰਕਰਾਂ ਨਾਲ ਮੀਟਿੰਗਾਂ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਬੀਤੇ ਦਿਨੀਂ ਰਵਿੰਦਰ ਸਿੰਘ ਬ੍ਰਹਮਪੁਰਾ ਵੱਲੋਂ ਆਪਣੇ ਹਲਕੇ ਦੇ ਅਧੀਨ ਆਉਂਦੇ ਪਿੰਡ ਚੰਬਾਂ ਕਲਾਂ ਤੇ ਚੰਬਾ ਹਵੇਲੀਆਂ ਦੇ ਸਮੂਹ ਮੋਹਤਬਰਾਂ ਨਾਲ ਚੋਣਾਂ ਸਬੰਧੀ ਖੁੱਲ ਕੇ ਵਿਚਾਰ ਵਟਾਂਦਰਾ ਕੀਤਾ। ਇਸ ਮੌਕੇ ਬ੍ਰਹਮਪੁਰਾ ਸਾਹਿਬ ਵੱਲੋਂ ਮੈਂਬਰ ਪੰਚਾਇਤ ਅਤੇ ਸਰਪੰਚ ਬਣਨ ਦੇ ਚਾਹਵਾਨ ਉਮੀਦਵਾਰਾਂ ਨੂੰ ਬਿਨਾਂ ਕਿਸੇ ਦਬਾਅ ਅਤੇ ਡਰ ਤੋਂ ਗ੍ਰਾਮ ਪੰਚਾਇਤ ਦੀਆਂ ਚੋਣਾਂ ਲਈ ਨਾਮਜ਼ਾਦੀਆਂ ਦਾਖਲ ਕਰਾਉਣ ਲਈ ਕਿਹਾ। ਇਸ ਮੌਕੇ ਅਕਾਲੀ ਵਰਕਰਾਂ ਨੂੰ ਇਹ ਵੀ ਵਿਸ਼ਵਾਸ ਦਵਾਇਆ ਗਿਆ ਕਿ ਚੋਣ ਲੜਨ ਲਈ ਆਦਮੀ ਪੇਪਰ ਦਾਖਲ ਕਰਵਾਏ ਜਾਣਗੇ ਤੇ ਕਿਸੇ ਦੇ ਵੀ ਨਾਮਜਦਗੀ ਪੇਪਰ ਰੱਦ ਨਹੀਂ ਹੈ ਹੋਣ ਦਿੱਤੇ ਜਾਣਗੇ। ਇਸ ਮੌਕੇ ਮਾਸਟਰ ਦਲਬੀਰ ਸਿੰਘ ਚੰਬਾ ਕਲਾਂ, ਅਜੀਤ ਪਾਲ ਸਿੰਘ ਬਿੱਟੂ ਸਾਬਕਾ ਸਰਪੰਚ ਚੰਬਾ, ਬਲਕਾਰ ਸਿੰਘ ਸਾਬਕਾ ਸਰਪੰਚ ਚੰਬਾ ਹਵੇਲੀਆਂ, ਜੱਜ ਸਿੰਘ ਫੇਰੀ ਵਾਲੇ ਚੰਬਾ ਕਲਾਂ, ਪਰਮਜੀਤ ਸਿੰਘ ਚੰਬਾ ਕਲਾਂ, ਗੁਰਬਚਨ ਸਿੰਘ ਸਾਬਕਾ ਸਰਪੰਚ ਚੰਬਾ ਹਵੇਲੀਆਂ, ਲਖਬੀਰ ਸਿੰਘ ਚੰਬਾ ਕਲਾਂ ਆਦਿ ਅਕਾਲੀ ਵਰਕਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243